ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

YouTube https://youtu.be/LQwolgxDu7l

awazeqaumtvpunjab@gmail.com

ਐਤਵਾਰ, 17 ਮਾਰਚ 2024 (ਨਾਨਕਸ਼ਾਹੀ ਸੰਮਤ : ੫੫੬, ੪ ਚੇਤਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## 20 ਤੋਂ ਵੱਧ ਮਾਮਲਿਆਂ ’ਚ ਭਗੌੜਾ ਅਮਨ ਸਕੌਡਾ ਵਾਰਾਣਸੀ ਤੋਂ ਗ੍ਰਿਫਤਾਰ



**ਚੰਡੀਗੜ੍ਹ, 16 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਪੁਲਿਸ ’ਚ ਭਰਤੀ, ਪੋਸਟਿੰਗ, ਤਬਾਦਲਿਆਂ ਦੇ ਨਾਂ ’ਤੇ 100 ਕਰੋੜ ਤੋਂ ਵੱਧ ਦੀ ਠੱਗੀ ਕਰਨ ਵਾਲੇ ਅਮਨਦੀਪ ਕੰਬੋਜ ਉਰਫ਼ ਅਮਨ ਸਕੋਡਾ ਖ਼ਿਲਾਫ਼ ਵੱਖ-ਵੱਖ ਜ਼ਿਲ੍ਹਿਆਂ ’ਚ 40 ਤੋਂ ਵੱਧ ਮਾਮਲੇ ਦਰਜ ਹਨ। ਅਦਾਲਤ ਵੱਲੋਂ ਮੁਲਜ਼ਮ ਸਕੋਡਾ ਨੂੰ 20 ਤੋਂ ਵੱਧ ਮਾਮਲਿਆਂ ’ਚ ਭਗੌੜਾ ਐਲਾਨ ਕੀਤਾ ਜਾ ਚੁੱਕਾ ਹੈ। ਅਮਨ ਸਕੌਡਾ ਨੂੰ ਵਾਰਾਣਸੀ ਤੋਂ ਗ੍ਰਿਫਤਾਰ ਕਰ ਲਿਆ ਗਿਆ ਹੈ। ਜਾਣਕਾਰੀ ਦਿੰਦਿਆਂ ਐਸਐਸਪੀ ਫਾਜ਼ਿਲਕਾ ਵਰਿੰਦਰ ਸਿੰਘ ਬਰਾੜ ਨੇ ਦਸਿਆ ਕਿ ਉਸ ਨੂੰ ਵਾਰਾਨਸੀ ਤੋਂ ਗ੍ਰਿਫ਼ਤਾਰ ਕਰ ਲਿਆ ਗਿਆ ਸੀ। ਅਮਨਦੀਪ ਕੰਬੋਜ ਉਰਫ ਅਮਨ ਸਕੌਡਾ 100 ਕਰੋੜ ਦੇ ਕਰੀਬ ਠੱਗੀ ਦੇ ਮਾਮਲਿਆਂ ‘ਚ ਭਗੌੜਾ ਕਰਾਰ ਤੇ ਉਸ ਉੱਪਰ 34 ਦੇ ਕਰੀਬ ਧੋਖਾਧੜੀ ਦੇ ਮੁਕੱਦਮੇ ਦਰਜ ਹਨ ।

## ਲੋਕ ਸਭਾ ਚੋਣਾਂ ਦੀਆਂ ਤਾਰੀਖ਼ਾਂ ਦਾ ਐਲਾਨ

# 7 ਪੜਾਵਾਂ ’ਚ ਹੋਵੇਗੀ ਵੋਟਿੰਗ


**ਨਵੀਂ ਦਿੱਲੀ, 16 ਮਾਰਚ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਚੋਣਾਂ ਦੀਆਂ ਤਾਰੀਖ਼ਾਂ ਦੇ ਐਲਾਨ ਨੂੰ ਲੈ ਕੇ ਉਡੀਕ ਹੁਣ ਖ਼ਤਮ ਹੋ ਗਈ ਹੈ। ਚੋਣ ਕਮਿਸ਼ਨ ਦੀ ਚੋਣਾਂ ਦੀਆਂ ਤਾਰੀਖ਼ਾਂ ਨੂੰ ਲੈ ਕੇ ਪ੍ਰੈੱਸ ਕਾਨਫਰੰਸ ਕੀਤੀ। ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਕਿਹਾ ਕਿ 18ਵੀਂ ਲੋਕ ਸਭਾ ਲਈ ਚੋਣ ਕਮਿਸ਼ਨ ਚੋਣਾਂ ਲਈ ਤਿਆਰ ਹੈ। 7 ਪੜਾਵਾਂ ’ਚ ਵੋਟਿੰਗ ਹੋਵੇਗੀ। 4 ਜੂਨ ਨੂੰ ਨਤੀਜੇ ਆਉਣਗੇ। ਚੋਣ ਕਮਿਸ਼ਨਰ ਮੁਤਾਬਕ 97 ਕਰੋੜ ਵੋਟਰ ਵੋਟਾਂ ਪਾਉਣਗੇ। 10.5 ਲੱਖ ਪੋਲਿੰਗ ਸਟੇਸ਼ਨ ਹੋਣਗੇ, ਜਦਕਿ 55 ਲੱਖ ਈ. ਵੀ. ਐਮ. ਦਾ ਇਸਤੇਮਾਲ ਕੀਤਾ ਜਾਵੇਗਾ। ਚੋਣ ਕਮਿਸ਼ਨ ਮੁਤਾਬਕ 85 ਸਾਲ ਤੋਂ ਵੱਧ ਉਮਰ ਦੇ ਸਾਰੇ ਵੋਟਰ ਜਾਂ ਦਿਵਿਯਾਂਗ ਵੋਟਰ ਦੇ ਘਰ ਫਾਰਮ ਭੇਜੇ ਜਾਣਗੇ, ਤਾਂ ਕਿ ਉਹ ਘਰ ਤੋਂ ਵੋਟ ਪਾ ਸਕਣ। ਚੋਣ ਕਮਿਸ਼ਨਰ ਰਾਜੀਵ ਕੁਮਾਰ ਨੇ ਕਿਹਾ ਕਿ 16 ਜੂਨ ਨੂੰ ਲੋਕ ਸਭਾ ਦਾ ਕਾਰਜਕਾਲ ਪੂਰਾ ਹੋਵੇਗਾ। ਸਾਡੀ ਹਰ ਚੋਣ ਚੁਣੌਤੀ ਅਤੇ ਪ੍ਰੀਖਿਆ ਹੁੰਦੀ ਹੈ। ਕਰੀਬ 50 ਕਰੋੜ ਪੁਰਸ਼ ਅਤੇ 47 ਕਰੋੜ ਤੋਂ ਵੱਧ ਔਰਤਾਂ ਵੋਟ ਦੇ ਅਧਿਕਾਰ ਦੀ ਵਰਤੋਂ ਕਰਨਗੇ।




**7 ਪੜਾਅ ’ਚ ਪੈਣਗੀਆਂ ਵੋਟਾਂ :**

ਪਹਿਲਾ ਪੜਾਅ- 19 ਅਪ੍ਰੈਲ
ਦੂਜਾ ਪੜਾਅ- 26 ਅਪ੍ਰੈਲ
ਤੀਜਾ ਪੜਾਅ- 07 ਮਈ
ਚੌਥਾ ਪੜਾਅ- 13 ਮਈ
ਪੰਜਵਾਂ ਪੜਾਅ- 20 ਮਈ
ਛੇਵਾਂ ਪੜਾਅ- 25 ਮਈ
ਸੱਤਵਾਂ ਪੜਾਅ- 01 ਜੂਨ

**4 ਜੂਨ 2024 ਨੂੰ ਆਉਣਗੇ ਨਤੀਜੇ**



## ਪੰਜਾਬ ’ਚ ਕਦੋਂ ਪੈਣਗੀਆਂ ਵੋਟਾਂ

**ਚੰਡੀਗੜ੍ਹ, 16 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੂਰੇ ਦੇਸ਼ ’ਚ ਲੋਕ ਸਭਾ ਚੋਣਾਂ ਦੀਆਂ ਤਾਰੀਖ਼ਾਂ ਦਾ ਐਲਾਨ ਹੋ ਚੁੱਕਾ ਹੈ। ਚੋਣ ਕਮਿਸ਼ਨ ਵਲੋਂ ਪ੍ਰੈੱਸ ਕਾਨਫਰੰਸ ਕਰਕੇ ਚੋਣ ਤਾਰੀਖ਼ਾਂ ਦਾ ਐਲਾਨ ਕੀਤਾ ਗਿਆ ਹੈ। ਇਸ ਦੇ ਮੱਦੇਨਜ਼ਰ ਪੰਜਾਬ ’ਚ 7ਵੇਂ ਗੇੜ ਦੌਰਾਨ 1 ਜੂਨ ਨੂੰ ਵੋਟਾਂ ਪੈਣਗੀਆਂ ਅਤੇ 4 ਜੂਨ ਨੂੰ ਇਸ ਦੇ ਨਤੀਜੇ ਆਉਣਗੇ। ਇਸ ਦੇ ਨਾਲ ਹੀ 7 ਤੋਂ 14 ਮਈ ਤੱਕ ਨਾਮਜ਼ਦਗੀਆਂ ਭਰੀਆਂ ਜਾਣਗੀਆਂ, ਜਦੋਂ ਕਿ 17 ਮਈ ਨੂੰ ਨਾਮਜ਼ਦਗੀਆਂ ਵਾਪਸ ਲਈਆਂ ਜਾਣਗੀਆਂ। ਪੰਜਾਬ ’ਚ 13 ਲੋਕ ਸਭਾ ਸੀਟਾਂ ’ਤੇ ਚੋਣਾਂ ਹੋਣਗੀਆਂ। ਇਨ੍ਹਾਂ ’ਚੋਂ 8 ਸੀਟਾਂ ’ਤੇ ਆਮ ਆਦਮੀ ਪਾਰਟੀ ਵਲੋਂ ਪਹਿਲਾਂ ਹੀ ਉਮੀਦਵਾਰਾਂ ਦਾ ਐਲਾਨ ਕੀਤਾ ਜਾ ਚੁੱਕਾ ਹੈ, ਜਦੋਂ ਕਿ ਬਾਕੀ ਪਾਰਟੀਆਂ ਵਲੋਂ ਆਪਣੇ ਉਮੀਦਵਾਰਾਂ ਦਾ ਐਲਾਨ ਕਰਨਾ ਅਜੇ ਬਾਕੀ ਹੈ। ਚੰਡੀਗੜ੍ਹ ’ਚ ਵੀ 1 ਜੂਨ ਨੂੰ ਵੋਟਾਂ ਪੈਣਗੀਆਂ, ਜਦੋਂ ਕਿ 3 ਦਿਨ ਬਾਅਦ 4 ਜੂਨ ਨੂੰ ਨਤੀਜੇ ਆ ਜਾਣਗੇ।

**2019 ਵਿੱਚ ਪੰਜਾਬ ਵਿੱਚ ਲੋਕ ਸਭਾ ਚੋਣਾਂ ਦੇ ਨਤੀਜੇ :** ਪੰਜਾਬ ਵਿੱਚ ਕੁੱਲ 13 ਲੋਕ ਸਭਾ ਸੀਟਾਂ ਹਨ। 2019 ਦੀਆਂ ਲੋਕ ਸਭਾ ਚੋਣਾਂ ਵਿੱਚ ਅਰਵਿੰਦ ਕੇਜਰੀਵਾਲ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਨੇ ਇੱਕ ਸੀਟ ਜਿੱਤੀ ਸੀ। ਭਗਵੰਤ ਮਾਨ ਸੰਗਰੂਰ ਤੋਂ ਜਿੱਤੇ ਸਨ। ਸਾਲ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਆਪਣੀ ਪਾਰਟੀ ਦੇ ਬਿਹਤਰ ਪ੍ਰਦਰਸ਼ਨ ਤੋਂ ਬਾਅਦ ਭਗਵੰਤ ਮਾਨ ਮੁੱਖ ਮੰਤਰੀ ਬਣੇ ਸਨ। ਉਨ੍ਹਾਂ ਨੇ ਲੋਕ ਸਭਾ ਦੀ ਮੈਂਬਰੀ ਛੱਡ ਦਿੱਤੀ ਸੀ। ਬਾਅਦ ’ਚ ਸੰਗਰੂਰ ਲੋਕ ਸਭਾ ਸੀਟ ’ਤੇ ਹੋਈ ਜ਼ਿਮਨੀ ਚੋਣ ’ਚ ‘ਆਪ’ ਨੂੰ ਹਾਰ ਦਾ ਸਾਹਮਣਾ ਕਰਨਾ ਪਿਆ ਸੀ। ਇਨ੍ਹਾਂ ਜ਼ਿਮਨੀ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਦੇ ਸਿਮਰਨਜੀਤ ਸਿੰਘ ਮਾਨ ਨੇ ਜਿੱਤ ਹਾਸਲ ਕੀਤੀ ਸੀ। 2019 ਦੀਆਂ ਲੋਕ ਸਭਾ ਚੋਣਾਂ ਵਿੱਚ ਕਾਂਗਰਸ ਦੀ ਅਗਵਾਈ ਵਾਲੀ ਯੂ. ਪੀ. ਏ. ਨੇ 8 ਸੀਟਾਂ ਜਿੱਤੀਆਂ ਸਨ, ਜਦੋਂ ਕਿ ਐਨਡੀਏ ਨੇ 4 ਸੀਟਾਂ ਜਿੱਤੀਆਂ ਸਨ।

**ਸੰਗਰੂਰ :** ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਜੱਦੀ ਜ਼ਿਲ੍ਹਾ ਸੰਗਰੂਰ ਆਮ ਆਦਮੀ ਪਾਰਟੀ ਦਾ ਗੜ੍ਹ ਮੰਨਿਆ ਜਾਂਦਾ ਹੈ। ਇਸ ਸੀਟ ਤੋਂ ਲੋਕ ਸਭਾ ਚੋਣਾਂ ਲਈ ਆਮ ਆਦਮੀ ਪਾਰਟੀ ਵਲੋਂ ਕੈਬਨਿਟ ਮੰਤਰੀ ਗੁਰਮੀਤ ਸਿੰਘ ਮੀਤ ਹੇਅਰ ਨੂੰ ਚੋਣ ਮੈਦਾਨ ’ਚ ਉਤਾਰਿਆ ਗਿਆ ਹੈ। ਇਸ ਸੀਟ ’ਤੇ ਆਮ ਆਦਮੀ ਪਾਰਟੀ ਦੀ ਕਾਂਗਰਸ, ਅਕਾਲੀ ਦਲ ਅਤੇ ਭਾਜਪਾ ਨਾਲ ਸਿੱਧੀ ਟੱਕਰ ਹੋਵੇਗੀ। ਜੇਕਰ ਕਾਂਗਰਸ ਦੀ ਗੱਲ ਕਰੀਏ ਤਾਂ ਪਾਰਟੀ ਕੋਲ 2 ਵੱਡੇ ਚਿਹਰੇ ਹਨ, ਜਿਨ੍ਹਾਂ ’ਚੋਂ ਇਕ ਵਿਜੇਇੰਦਰ ਸਿੰਗਲਾ ਹਨ, ਜੋ ਕਿ ਸਾਬਕਾ ਸੰਸਦ ਮੈਂਬਰ ਰਹਿ ਚੁੱਕੇ ਹਨ, ਦੂਜਾ ਨਾਮ ਦਲਬੀਰ ਸਿੰਘ ਗੋਲਡੀ ਦਾ ਹੈ।

## ਇਸ ਵਾਰ 97 ਕਰੋੜ ਵੋਟਰ ਬਣਨਗੇ ਲੋਕ ਸਭਾ ਚੋਣਾਂ 2024 ਦਾ ਹਿੱਸਾ, ਪੋਲਿੰਗ ਬੂਥ ’ਤੇ ਹੋਵੇਗੀ ਖ਼ਾਸ ਵਿਵਸਥਾ



**ਨਵੀਂ ਦਿੱਲੀ, 16 ਮਾਰਚ (ਆਵਾਜ਼ਿ ਕੌਮ ਬਿਊਰੋ)**-ਲੋਕ ਸਭਾ ਚੋਣਾਂ ਕਾਰਨ ਦੇਸ਼ ਵਿਚ ਸਿਆਸਤ ਗਰਮਾ ਗਈ ਹੈ। ਹੁਣ ਚੋਣ ਕਮਿਸ਼ਨ ਨੇ ਚੋਣ ਪ੍ਰੋਗਰਾਮ ਦਾ ਐਲਾਨ ਕਰ ਦਿੱਤਾ ਹੈ। ਇਸ ਦੌਰਾਨ ਦੇਸ਼ ਭਰ ਵਿੱਚ ਲੋਕ ਸਭਾ ਚੋਣਾਂ ਹੋਣਗੀਆਂ ਅਤੇ ਅਰੁਣਾਚਲ ਪ੍ਰਦੇਸ਼, ਸਿੱਕਮ, ਉੜੀਸਾ ਅਤੇ ਆਂਧਰਾ ਪ੍ਰਦੇਸ਼ ਵਿੱਚ ਵਿਧਾਨ ਸਭਾ ਚੋਣਾਂ ਵੀ ਹੋਣਗੀਆਂ। ਚੋਣ ਕਮਿਸ਼ਨ ਨੇ ਕਿਹਾ ਕਿ ਇਸ ਵਾਰ ਲੋਕ ਸਭਾ ਚੋਣਾਂ ਵਿੱਚ ਕਰੀਬ 97 ਕਰੋੜ ਵੋਟਰ ਹਿੱਸਾ ਲੈਣਗੇ। ਇਸ ਦੇ ਨਾਲ ਹੀ ਵੋਟਿੰਗ ਪ੍ਰਕਿਰਿਆ ਦੌਰਾਨ 55 ਲੱਖ ਈਵੀਐਮ ਦੀ ਵਰਤੋਂ ਕੀਤੀ ਜਾਵੇਗੀ। ਇਹ ਮਸ਼ੀਨਾਂ 10.5 ਲੱਖ ਮਤਦਾਨ ਕੇਂਦਰਾਂ ’ਤੇ ਲਗਾਈ ਜਾਵੇਗੀ। ਲੋਕ ਸਭਾ ਚੋਣਾਂ ਦੇ ਇਸ ਤਿਉਹਾਰ ਵਿੱਚ 18 ਸਾਲ ਦੇ ਨੌਜਵਾਨਾਂ ਤੋਂ ਲੈ ਕੇ 100 ਸਾਲ ਦੀ ਉਮਰ ਪਾਰ ਕਰ ਚੁੱਕੇ ਬਜ਼ੁਰਗਾਂ ਤੱਕ ਵੋਟਰਾਂ ਨੇ ਹਿੱਸਾ ਲਿਆ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਚੋਣ ਕਮਿਸ਼ਨ ਨੇ ਦੱਸਿਆ ਕਿ ਇਸ ਵਾਰ 21 ਕਰੋੜ ਤੋਂ ਵੱਧ ਨੌਜਵਾਨ ਵੋਟਿੰਗ ਵਿੱਚ ਹਿੱਸਾ ਲੈਣਗੇ। ਇਸ ਦੇ ਨਾਲ ਹੀ 88.4 ਲੱਖ ਤੋਂ ਵੱਧ ਦਿਵਿਆਂਗ ਵੋਟਰ ਲੋਕਤੰਤਰ ਨੂੰ ਮਜ਼ਬੂਤ ? ?ਕਰਨ ਵਿੱਚ ਆਪਣਾ ਵੱਡਮੁੱਲਾ ਯੋਗਦਾਨ ਪਾਉਣਗੇ। 82 ਲੱਖ ਤੋਂ ਵੱਧ ਅਜਿਹੇ ਲੋਕ ਵੀ ਹਨ, ਜਿਨ੍ਹਾਂ ਦੀ ਉਮਰ 85 ਸਾਲ ਤੋਂ ਵੱਧ ਹੈ। 2.18 ਲੱਖ ਵੋਟਰ ਅਜਿਹੇ ਵੀ ਹਨ, ਜਿਨ੍ਹਾਂ ਦੀ ਉਮਰ 100 ਸਾਲ ਤੋਂ ਵੱਧ ਹੈ। ਇਸ ਵਾਰ 48 ਹਜ਼ਾਰ ਤੋਂ ਜ਼ਿਆਦਾ ਟਰਾਂਸਜੈਂਡਰ ਵੀ ਵੋਟਿੰਗ ’ਚ ਹਿੱਸਾ ਲੈਣਗੇ। ਚੋਣ ਕਮਿਸ਼ਨ ਨੇ ਕਿਹਾ ਕਿ ਅਸੀਂ ਚੋਣਾਂ ਨੂੰ ਯਾਦਗਾਰ ਬਣਾਉਣ ਲਈ ਪੂਰੀ ਕੋਸ਼ਿਸ਼ ਕਰ ਰਹੇ ਹਾਂ। ਜਿੱਥੇ 5 ਵੋਟਰ ਵੀ ਹਨ, ਉੱਥੇ ਵੀ ਪੋਲਿੰਗ ਬੂਥ ਬਣਾਵਾਂਗੇ। ਇਸ ਦੇ ਨਾਲ ਹੀ ਸਾਰੇ ਪੋਲਿੰਗ ਸਟੇਸ਼ਨਾਂ ’ਤੇ ਪੀਣ ਵਾਲਾ ਪਾਣੀ ਉਪਲਬਧ ਹੋਵੇਗਾ। ਮਰਦਾਂ ਅਤੇ ਔਰਤਾਂ ਲਈ ਵੱਖਰੇ ਪਖਾਨੇ ਬਣਾਏ ਜਾਣਗੇ। ਅਪਾਹਜ ਵੋਟਰਾਂ ਲਈ ਰੈਂਪ ਅਤੇ ਵ੍ਹੀਲ ਚੇਅਰ ਦਾ ਵੀ ਪ੍ਰਬੰਧ ਕੀਤਾ ਜਾਵੇਗਾ। ਇਸ ਦੇ ਨਾਲ ਹੀ ਪੋਲਿੰਗ ਸਟੇਸ਼ਨਾਂ ਦੇ ਅੰਦਰ ਬਿਜਲੀ ਅਤੇ ਰੋਸ਼ਨੀ ਦਾ ਵੀ ਪ੍ਰਬੰਧ ਹੋਵੇਗਾ।

ਆਵਾਜ਼ਿ ਕੌਮ
Daily Newspaper from U.K.
Publisher/Chief Editor
**Raghbir Singh Walsal**
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ ’ਤੇ ਵਿਚਾਰ ਨਹੀਂ ਕੀਤਾ ਜਾਵੇਗਾ। **-ਸੰਪਾਦਕ**

## ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ 15,000 ਰੁਪਏ ਦੇ ਮੁਚਲਕੇ ‘ਤੇ ਮਿਲੀ ਜ਼ਮਾਨਤ

**ਨਵੀਂ ਦਿੱਲੀ, 16 ਮਾਰਚ (ਆਵਾਜ਼ਿ ਕੌਮ ਬਿਊਰੋ)**-ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਨੂੰ ਰਾਉਸ ਐਵੇਨਿਊ ਕੋਰਟ ਤੋਂ ਵੱਡੀ ਰਾਹਤ ਮਿਲੀ ਹੈ। ਈਡੀ ਦੇ ਸੰਮਨ ਨੂੰ ਲਗਾਤਾਰ ਨਜ਼ਰਅੰਦਾਜ਼ ਕਰ ਰਹੇ ਕੇਜਰੀਵਾਲ ਆਖਰਕਾਰ ਸ਼ਨੀਵਾਰ ਸਵੇਰੇ ਅਦਾਲਤ ਪਹੁੰਚ ਗਏ। ਅਦਾਲਤ ਵਿੱਚ ਬਹਿਸ ਸ਼ੁਰੂ ਹੁੰਦੇ ਹੀ ਉਨ੍ਹਾਂ ਦੇ ਵਕੀਲਾਂ ਵੱਲੋਂ ਦਾਇਰ ਜ਼ਮਾਨਤ ਪਟੀਸ਼ਨ ਤੁਰੰਤ ਮਨਜ਼ੂਰ ਕਰ ਲਈ ਗਈ ਅਦਾਲਤ ਨੇ ਉਨ੍ਹਾਂ ਨੂੰ 15,000 ਰੁਪਏ ਦੇ ਨਿੱਜੀ ਮੁਚਲਕੇ ‘ਤੇ ਜ਼ਮਾਨਤ ਦੇ ਦਿੱਤੀ ਅਤੇ ਕੇਜਰੀਵਾਲ ਅਦਾਲਤ ਦੇ ਕਮਰੇ ਤੋਂ ਬਾਹਰ ਚਲੇ ਗਏ। ਉਨ੍ਹਾਂ ਨੂੰ 7 ਮਾਰਚ ਨੂੰ ਅਦਾਲਤ ਵਿਚ ਪੇਸ਼ ਹੋਣ ਲਈ ਸੰਮਨ ਜਾਰੀ ਕੀਤਾ ਗਿਆ ਸੀ।



ਮਾਮਲਾ ਈਡੀ ਦੀ ਪਟੀਸ਼ਨ ਨਾਲ ਜੁੜਿਆ ਹੋਇਆ ਹੈ। ਦਿੱਲੀ ਦੇ ਕਥਿਤ ਸ਼ਰਾਬ ਘੁਟਾਲੇ ਨਾਲ ਸਬੰਧਤ ਮਨੀ ਲਾਂਡਰਿੰਗ ਮਾਮਲੇ ਵਿੱਚ ਦਿੱਲੀ ਦੇ ਮੁੱਖ ਮੰਤਰੀ ਅਰਵਿੰਦ ਕੇਜਰੀਵਾਲ ਅੱਜ ਅਦਾਲਤ ਵਿੱਚ ਪੇਸ਼ ਹੋਏ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਕੇਜਰੀਵਾਲ ਵੀਡੀਓ ਕਾਨਫਰੰਸਿੰਗ ਰਾਹੀਂ ਰਾਉਸ ਐਵੇਨਿਊ ਕੋਰਟ ‘ਚ ਪੇਸ਼ ਹੋਏ ਸਨ। ਜਦੋਂ ਅਦਾਲਤ ਨੇ ਅਸਲ ਵਿੱਚ ਸੁਣਵਾਈ ਵਿੱਚ ਸ਼ਾਮਲ ਹੋਣ ਦਾ ਕਾਰਨ ਪੁੱਛਿਆ ਤਾਂ ਕੇਜਰੀਵਾਲ ਨੇ ਵਿਧਾਨ ਸਭਾ ਦੇ ਬਜਟ ਸੈਸ਼ਨ ਦਾ ਹਵਾਲਾ ਦਿੰਦੇ ਹੋਏ ਨਿੱਜੀ ਪੇਸ਼ੀ ਤੋਂ ਛੋਟ ਮੰਗੀ ਅਤੇ ਨਵੀਂ ਤਰੀਕ ਲਈ ਅਪੀਲ ਕੀਤੀ। ਉਦੋਂ ਕੇਜਰੀਵਾਲ ਨੇ ਕਿਹਾ ਸੀ ਕਿ ਅਗਲੀ ਤਰੀਕ ਮਿਲੀ ਤਾਂ ਉਹ ਖੁਦ ਪੇਸ਼ ਹੋਣ ਲਈ ਆਉਣਗੇ। ਇਸ ’ਤੇ ਰੌਜ਼ ਐਵੇਨਿਊ ਅਦਾਲਤ ਨੇ ਉਸ ਨੂੰ ਅਗਲੀ ਸੁਣਵਾਈ ਲਈ 16 ਮਾਰਚ ਦੀ ਤਰੀਕ ਦਿੱਤੀ ਸੀ। ਸ਼ਰਾਬ ਨੀਤੀ ਘਪਲੇ ਮਾਮਲੇ ‘ਚ ਪੁੱਛਗਿੱਛ ਲਈ ਈਡੀ ਨੇ ਅਰਵਿੰਦ ਕੇਜਰੀਵਾਲ ਨੂੰ ਹੁਣ ਤੱਕ 8 ਸੰਮਨ ਭੇਜੇ ਹਨ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ । ਵਾਹਿਗੁਰੂ ਜੀ ਕੀ ਫਤਿਹ ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



ਹੋਲਾ ਮਹੱਲਾ ਸ਼੍ਰੀ ਅਨੰਦਪੁਰ ਸਾਹਿਬ ਜੀ

ਹੋਲੇ ਮਹੱਲੇ ਨੂੰ ਸਮਰਪਿਤ

# ਵਿਸ਼ਾਲ ਨਗਰ ਕੀਰਤਨ ਕਾਜ਼ਲਮੋਰਾਨੋ

23 ਮਾਰਚ 2024 ਸਨੀਵਾਰ ਗੁਰਦੁਆਰਾ ਸਾਹਿਬ ਤੋ ਨਗਰ ਕੀਰਤਨ ਦੀ ਅਰੰਭਤਾ 12 ਵਜੇਂ ਹੋਵੇਗੀ ਅਤੇ ਗੁਰਦੁਆਰਾ ਸਾਹਿਬ ਵਿਖੇ ਹੀ ਸ਼ਾਮ 5 ਵਜੇ ਸਮਾਪਤੀ ਹੋਵੇਗੀ।

ਨਗਰ ਕੀਰਤਨ ਵਿੱਚ ਸ਼ਮੂਲੀਅਤ ਸਿੱਖ ਪ੍ਰਚਾਰਕ ਕਥਾ ਵਾਚਕ, ਰਾਗੀ ਸਿੰਘ ਕਵੀਸ਼ਰੀ,ਢਾਡੀ ਜਥੇ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ਸ਼ੇਅਰ ਜ਼ਰੂਰੀ ਕਰਨਾ ਜੀ
☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢ ਕੇ ਨਗਰ ਕੀਰਤਨ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

Gurdwara Sahib Shaeed Baba Deep Singh ji Damdami Taksaal
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778

ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net


# ਹਰਿਆਣਾ ਕਮੇਟੀ ਦੇ ਨਿਕੰਮੇ ਪ੍ਰਬੰਧਕੀ ਸਿਸਟਮ ਕਾਰਨ ਸਿੱਖ ਸੰਗਤਾਂ ਦੀ ਘਟਣ ਲੱਗੀ ਆਸਥਾ - ਮੰਡੇਬਰ, ਸਹਿਗਲ






**ਚੰਡੀਗੜ੍ਹ, 16 ਮਾਰਚ (ਆਵਾਜ਼ਿ ਕੌਮ ਬਿਊਰੋ)**-ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੁਚੱਜੇ ਪ੍ਰਬੰਧ ਅਤੇ ਧਰਮ ਪ੍ਰਚਾਰ ਲਈ ਹਰਿਆਣਾ ਨਿਵਾਸੀ ਸਿੱਖ ਸੰਗਤਾਂ ਨੂੰ ਬਹੁਤ ਭਾਰੀ ਆਸਾਂ ਸਨ ਪਰ ਮੌਜੂਦਾ ਨਿਕੰਮੇ ਪ੍ਰਬੰਧਕੀ ਢਾਂਚੇ ਕਾਰਨ ਸਿੱਖ ਸੰਗਤਾਂ ਦੀਆਂ ਹਰਿਆਣਾ ਕਮੇਟੀ ਤੋਂ ਆਸਾਂ ਟੁੱਟ ਰਹੀਆਂ ਹਨ ਅਤੇ ਹਰਿਆਣਾ ਕਮੇਟੀ ਦੇ ਪ੍ਰਬੰਧ ਵਿੱਚ ਸਿੱਖ ਸੰਗਤਾਂ ਦੀ ਆਸਥਾ ਘਟਣ ਲੱਗੀ ਹੈ ਪਹਿਲਾਂ ਨਿਕੰਮੇ ਪ੍ਰਧਾਨ ਮਹੰਤ ਕਰਮਜੀਤ ਸਿੰਘ ਤੇ ਹੁਣ ਨਿਕੰਮੇ ਪ੍ਰਧਾਨ ਭੁਪਿੰਦਰ ਸਿੰਘ ਅਸੰਧ ਦੇ ਕਾਰਨ ਸਿੱਖ ਸੰਗਤਾਂ ਦੇ ਬਗਾਵਤੀ ਸੁਰ ਉੱਠਣ ਲੱਗੇ ਹਨ ਜਿਸ ਕਰਕੇ ਸਿੱਖ ਸੰਗਤਾਂ ਵੱਲੋਂ ਗੁਰਦੁਆਰਿਆਂ ਦਾ ਪ੍ਰਬੰਧ ਆਪਣੇ ਨਿੱਜੀ ਹੱਥਾਂ ਵਿੱਚ ਲੈਣ ਦਾ ਫੈਸਲਾ ਕੀਤਾ ਜਾ ਰਿਹਾ ਇਨਾਂ ਵਿਚਾਰਾਂ ਦਾ ਪ੍ਰਗਟਾਵਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸੀਨੀਅਰ ਮੈਂਬਰ ਸਰਦਾਰ ਸੁਖਵਿੰਦਰ ਸਿੰਘ ਮੰਡੇਬਰ ਯਮੁਨਾਨਗਰ ਅਤੇ ਸਰਦਾਰ ਸੁਦਰਸ਼ਨ ਸਿੰਘ ਸਹਿਗਲ ਅੰਬਾਲਾ ਨੇ ਇੱਕ ਪ੍ਰੈਸਨੋਟ ਜਾਰੀ ਕਰਕੇ ਕੀਤਾ ਸਰਦਾਰ ਸਹਿਗਲ ਅਤੇ ਮੰਡੇਬਰ ਨੇ ਕਿਹਾ ਕੇ ਗੁਰਦੁਆਰਾ ਐਕਟ ਅਨੁਸਾਰ 52 ਗੁਰਦੁਆਰਿਆਂ 5 ਵਿਦਿਅਕ ਅਦਾਰਿਆਂ ਇੱਕ ਮੈਡੀਕਲ ਕਾਲਜ ਦਾ ਪ੍ਰਬੰਧ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਨੂੰ ਮਿਲਿਆ ਸੀ ਮੀਰੀ ਪੀਰੀ ਮੈਡੀਕਲ ਕਾਲਜ ਦਾ ਪ੍ਰਬੰਧ ਲੈਣ ਵਾਸਤੇ ਅੱਜ ਤੱਕ ਨਿਕੰਮੇ ਪ੍ਰਬੰਧਕਾਂ ਨੇ ਕੋਈ ਉੱਦਮ ਹੀ ਨਹੀਂ ਕੀਤਾ 3 ਸਕੂਲਾਂ ਅਤੇ 2 ਕਾਲਜਾਂ ਦੇ ਪ੍ਰਬੰਧ ਦਾ ਬੁਰਾ ਹਾਲ ਹੈ 52 ਤੋਂ ਹੁਣ ਘੱਟ ਕੇ 48 ਗੁਰਦੁਆਰਿਆਂ ਦਾ ਪ੍ਰਬੰਧ ਰਹਿ ਗਿਆ ਹੈ ਕਿਉਂਕੇ 4 ਗੁਰਦੁਆਰਿਆਂ ਦਾ ਪ੍ਰਬੰਧ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਹੱਥੋਂ ਚਲਾ ਗਿਆ ਹੈ ਗੁਰਦੁਆਰਾ ਸਾਹਿਬ ਗੜੀ ਨਜੀਰ,ਬਲਾਚੌਰ,ਬਿਲਾਸਪੁਰ ਲੋਕਲ ਕਮੇਟੀਆਂ ਵੱਲੋਂ ਅਦਾਲਤੀ ਸਟੇਅ ਪ੍ਰਾਪਤ ਕਰ ਲਏ ਗਏ ਹਨ ਅਦਾਲਤੀ ਕੇਸਾਂ ਦੀ ਪੈਰਵਾਈ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੌਜੂਦਾ ਨਿਕੰਮੇ ਪ੍ਰਧਾਨ ਅਤੇ ਉਸਦੇ ਸਾਥੀਆਂ ਵੱਲੋਂ ਨਹੀਂ ਕੀਤੀ ਗਈ ਕਿਉਂਕੇ ਧਰਮ ਪ੍ਰਚਾਰ ਅਤੇ ਗੁਰਦੁਆਰਿਆਂ ਦੇ ਸੁਚੱਜੇ ਪ੍ਰਬੰਧ ਵੱਲ ਨਿਕੰਮੇ ਪ੍ਰਬੰਧਕੀ ਸਿਸਟਮ ਦਾ ਕੋਈ ਵੀ ਧਿਆਨ ਨਹੀਂ ਹੈ ਸਿਰਫ ਗੁਰੂ ਦੀ ਗੋਲਕ ਨੂੰ ਖੁਰਦ ਬੁਰਦ ਕਰਨ ,ਮੁਲਾਜ਼ਮਾਂ ਦੀ ਦੁਰਵਰਤੋਂ ਕਰਨ ਅਤੇ ਗੁਰਦੁਆਰੇ ਦੇ ਵਹੀਕਲਾਂ ਦੀ ਦੁਰਵਰਤੋਂ ਕਰਨ ਤੇ ਪੂਰਾ ਜ਼ੋਰ ਦਿੱਤਾ ਹੋਇਆ ਹੈ ਹਰਿਆਣਾ ਕਮੇਟੀ ਦੇ ਵਕੀਲਾਂ ਵੱਲੋਂ ਮੋਟੀਆਂ ਫੀਸਾਂ ਲਈਆਂ ਜਾ ਰਹੀਆਂ ਹਨ ਪਰ ਅਦਾਲਤਾਂ ਚ ਕੇਸ ਹਾਰ ਰਹੇ ਹਨ ਜੋ ਬਹੁਤ ਚਿੰਤਾ ਦਾ ਵਿਸ਼ਾ ਹੈ ਸਰਦਾਰ ਮੰਡੇਬਰ ਅਤੇ ਸਰਦਾਰ ਸਹਿਗਲ ਨੇ ਕਿਹਾ ਕੇ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਕੇਸ ਸੁਪਰੀਮ ਕੋਰਟ ਦੇ ਵਿੱਚ ਜਿਸ ਮਜ਼ਬੂਤੀ ਦੇ ਨਾਲ ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ ਨੇ ਲੜਿਆ ਅਤੇ ਜਿੱਤ ਕੇ ਹਰਿਆਣੇ ਦੇ ਹੱਕ ਵਿੱਚ ਲਿਆਂਦਾ ਉਹ ਆਪਣੀ ਮਿਸਾਲ ਆਪ ਹੈ ਉਨਾਂ ਕਿਹਾ ਕੇ ਜਥੇਦਾਰ ਦਾਦੂਵਾਲ ਜੀ ਵੱਲੋਂ ਜਿਸ ਤਰਾਂ ਛੋਟੇ ਜਿਹੇ ਪ੍ਰਬੰਧ ਨੂੰ ਵੀ ਵਧੀਆ ਤਰੀਕੇ ਚਲਾਉਣ ਨਾਲ ਪੂਰੇ ਸੰਸਾਰ ਦੇ ਵਿੱਚ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦਾ ਨਾਮ ਚਰਚਾ ਵਿੱਚ ਆਇਆ ਸੀ ਤੇ ਸੰਗਤਾਂ ਨੂੰ ਆਸਥਾ ਬੱਝੀ ਸੀ ਕੇ ਹੁਣ ਕੁੱਝ ਚੰਗਾ ਹੋਵੇਗਾ ਪਰ ਹੁਣ ਮੌਜੂਦਾ ਨਿਕੰਮੇ ਪ੍ਰਧਾਨਾਂ ਤੇ ਉਨਾਂ ਦੇ ਚਾਪਲੂਸ ਸਾਥੀਆਂ ਕਾਰਨ ਹਰਿਆਣਾ ਕਮੇਟੀ ਕੌਮਾਂ ਵਿੱਚ ਚਲੀ ਗਈ ਹੈ ਅਤੇ ਸਿੱਖ ਸੰਗਤਾਂ ਇਸ ਦੇ ਖਿਲਾਫ ਸੋਚਣ ਲੱਗ ਪਈਆਂ ਹਨ ਇਹ ਸਾਰਾ ਮੌਜੂਦਾ ਨਿਕੰਮੇ ਪ੍ਰਧਾਨ ਭੁਪਿੰਦਰ ਸਿੰਘ ਅਸੰਧ ਦੇ ਭ੍ਰਿਸ਼ਟਾਚਾਰੀ ਨਿਕੰਮੇ ਪ੍ਰਬੰਧਕੀ ਸਿਸਟਮ ਦੇ ਕਾਰਨ ਹੋਇਆ ਹੈ ਜੇਕਰ ਜਰਨਲ ਹਾਊਸ ਦੇ ਸਮੂੰਹ ਮੈਂਬਰ ਸਾਹਿਬਾਨਾਂ ਵਲੋਂ ਇਸ ਭ੍ਰਿਸ਼ਟ ਹੋ ਚੁੱਕੇ ਪ੍ਰਬੰਧਕੀ ਸਿਸਟਮ ਨੂੰ ਸੁਧਾਰਿਆ ਨਾ ਗਿਆ ਤਾਂ ਕਮੇਟੀ ਨੂੰ ਆਉਣ ਵਾਲੇ ਦਿਨਾਂ ਵਿੱਚ ਹੋਰ ਭਿਆਨਕ ਨਤੀਜਿਆਂ ਦਾ ਸਾਹਮਣਾ ਕਰਨਾ ਪਵੇਗਾ।

ਆਵਾਜ਼ਿ ਕੌਮ AWAZE QAUM International Newspaper & WEB TV


Enjoy Real Taste of PUNJAB
24 SERVICE EVERYDAY HOURS
PURE AND NATURAL 100% VEGETARIAN
KD
FULLY A.C. HALL
Khehra VAISHNO DHABA
BREAKFAST
LUNCH
DINNER
OUR SPECIALIZATION : Au Important Ingredients used to Prepare Dishes are Grown in our own farmes.

Soup
Burger
Sandwich
Pizza
Grilled Breads
Continental Fast Food
Tandoori Snacks
Tandoori Breads
Biryani Khas
Beverages
Shakes
Desserts
Punjabi Snacks
South Indian
Kathi Roll
Pasta
Chines Food
Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment



ਪੰਜਾਬੀ
ਸਿੱਖੋ ਬੋਲੋ ਪੜ੍ਹੋ ਲਿਖੋ
ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ
Love Maa Boli Punjabi

ੳ ਅ ੲ ਸ ਹ
ਕ ਖ ਗ ਘ ਙ
ਚ ਛ ਜ ਝ ਞ
ਟ ਠ ਡ ਢ ਣ
ਤ ਥ ਦ ਧ ਨ
ਪ ਫ ਬ ਭ ਮ
ਯ ਰ ਲ ਵ ੜ
ਸ਼ ਖ਼ ਗ਼ ਜ਼ ਫ਼ ਲ਼

ਮੁਕਤਾ | ਕੰਨਾ | ਸਿਹਾਰੀ | ਬਿਹਾਰੀ
ਔਂਕੜ | ਦੁਲੈਂਕੜ | ਲਾਂ | ਦੁਲਾਵਾਂ
ਹੋੜਾ | ਕਨੌੜਾ | ਟਿੱਪੀ | ਕੰਨਾ-ਬਿੰਦੀ

www.damdamitaksal.net
੧ ੨ ੩ ੪ ੫ ੬ ੭ ੮ ੯ ੧੦
www.damdamitaksal.net
Learn Speak Read Write PUNJABI

# SANT BEANT SINGH JI

BER KALAN WALE | UK TOUR 2024

SAT 2ND MARCH - SUN 3RD MARCH: SOUTHAMPTON

MON 4TH MARCH - SUN 10TH MARCH 7:40-8:20PM:
NANAKSAR THATH ISHER DARBAR, WOLVERHAMPTON, WV3 0JU

MON 11TH MARCH - TUES 12TH MARCH 7:30-8:00PM:
GURU HAR RAI GURDWARA, WEST BROMWICH, B70 6JW

WED 13TH MARCH - FRI 15TH MARCH 6:45-7:45PM:
DARBAR SRI GURU GRANTH SAHIB JI, WALSALL, WS2 9EQ

SAT 16TH MARCH 7:30-8:00PM:
GURU HAR RAI GURDWARA, WEST BROMWICH, B70 6JW

SUN 17TH MARCH 2:00-3:00PM:
GURU HAR RAI GURDWARA, WEST BROMWICH, B70 6JW

SUN 17TH MARCH 6:30-7:30PM:
GURDWARA GURU NANAK PARKASH, COVENTRY, CV1 4FB

MON 18TH - SUN 24TH MARCH
7:30-8:15AM | 10:00-11:00AM | 6:30-7:15PM:
BABA SANG GURDWARA, SMETHWICK, B66 1EE

MON 25TH - SUN 31ST MARCH: SOUTHALL

SANT BEANT SINGH | WHATSAPP: +918530000006





ਪਰਮੇਸ਼ਰੀ ਸਬਦ ਸਚੀ ਟਕਸਾਲ ॥

ਦਮਦਮੀ ਟਕਸਾਲ

ਜਥਾ ਭਿੰਡਰਾਂ (ਮਹਿਤਾ)

www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥

WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ

Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ

Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ

Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ

Learn Gurmukhi Punjabi


ਗਤਕਾ ਸਿੱਖੋ Learn Gatka

www.damdamitaksal.net



ਸਾਬਤ ਸੂਰਤਿ ਦਸਤਾਰ ਸਿਰਾ

# ਦਸਤਾਰਾਂ ਹੀ ਦਸਤਾਰਾਂ



# ਰੰਧਾਵਾ ਪਗੜੀ ਸੈਂਟਰ



ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।

✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।

ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।

ਰੈਣਕ ਬਾਜਾਰ, ਜਲੰਧਰ (ਪੰਜਾਬ)
ਸੰਪਰਕ ਨੰ.:
+91 98882-22446



# ASA Gas Heating Solution Ltd.

Boilers
Certificates
Gas Work
Cylinders
Maintenance Services

Gas Safety Inspections
Plumbing Work

Vaillant APPROVED INSTALLER | WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com

Call us now for a Free no-olbigation quote

ਅਸੀਂ ਫੋਕੇ ਧਰਨੇ ਨਹੀਂ ਦਿੰਦੇ, ਸਿਰ ਤਲੀ ਤੇ ਧਰਨਾ ਆਉਂਦਾ ਹੈ।
ਅਣਖੀਲਾ ਜੀਵਨ ਜੀਣ ਲਈ, ਸਾਨੂੰ ਹੱਸ ਕੇ ਮਰਨਾ ਆਉਂਦਾ ਹੈ।



ਭੁੱਖ ਹੜਤਾਲ ਤੇ ਬੈਠੇ ਬੰਦੀ ਸਿੰਘਾਂ ਦੇ ਹੱਕ ਵਿੱਚ

# ਪੰਥਕ ਇਕੱਤਰਤਾ

## 17 ਮਾਰਚ 2024 ਸਾਰਾਗੜ੍ਹੀ ਚੌਕ, ਸ੍ਰੀ ਅੰਮ੍ਰਿਤਸਰ

ਜੇ ਅਸੀਂ ਸਿੱਖ ਅਖਵਾਉਂਦੇ ਹਾਂ ਤਾਂ ਅੱਜ ਸਿੱਖਾਂ ਦੀ ਕੌਮੀ ਹੋਂਦ ਬਚਾਉਣ ਦੇ ਸੰਘਰਸ਼ 'ਚ ਹਾਜ਼ਰੀ ਜ਼ਰੂਰ ਲਵਾਈਏ।

ਜੇ ਹੁਣ ਵੀ ਨਾ ਉੱਠੇ ਤਾਂ ਸਾਡੀ ਕੌਮ ਉੱਠਣ ਜੋਗੀ ਨਹੀਂ ਰਹਿਣੀ

ਜਿਹੜੀਆਂ ਕੌਮਾਂ ਜ਼ੁਲਮ ਵਿਰੁੱਧ ਅਵਾਜ਼ ਵੀ ਨਾ ਉਠਾ ਸਕਣ, ਉਹ ਜਿਉਂਦੀਆਂ ਕੌਮਾਂ 'ਚ ਨਹੀਂ ਗਿਣੀਆਂ ਜਾਂਦੀਆਂ।

ਜੇ ਜਿਉਂਦੇ ਹਾਂ ਤਾਂ ਜਿਉਂਦੇ ਹੋਣ ਦਾ ਸਬੂਤ ਦੇਈਏ।

17 ਮਾਰਚ ਦੀ ਇਕੱਤਰਤਾ ਵਿੱਚ ਪਹੁੰਚੀਏ ਤਾਂ ਕਿ ਸੰਘਰਸ਼ ਦੀ ਰੂਪ ਰੇਖਾ ਉਲੀਕੀ ਜਾ ਸਕੇ।






ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਲਾਈਵ ਪ੍ਰਸਾਰਣ
ਆਵਾਜ਼ਿ ਕੌਮ AWAZE QAUM WEB TV
'ਤੇ ਦੇਖਿਆ ਜਾ ਸਕਦਾ ਹੈ।

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

## ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿੱਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਜੋ ਹੁਣ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿੱਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜਗ੍ਹਾ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਆਣੇ ਉਸਤਾਦ ਭਵਿੱਖ ਦੇ ਪਾਠੀ, ਗਿਆਨੀ, ਰਾਗੀ, ਗਤਕਾ ਖਿਡਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਧਾਰਨ ਕਰ ਸਕਣ। ਇਸ ਤੋਂ ਇਲਾਵਾ ਇੱਕ ਵਿੱਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿੱਚ ਮਦਦ ਲਈ ਖਾਸ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਭਾਈਚਾਰੇ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ, ਜਿੰਮ, ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਤੁਹਾਡੇ ਚਰਨਾਂ ਵਿੱਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਦਸਵੰਧ ਜਾਂ ਵੱਧ ਹਿੱਸਾ ਪਾ ਕੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ। ਇਹ ਜਗ੍ਹਾ £650,000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਕੁਝ ਹੋ ਸਕਦਾ ਹੈ। ਇੱਕ ਵਾਰ ਸੇਵਾ ਦੇਣੀ ਜਾਂ ਪੂਰੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲ ਕਰੋ ਜੀ।

**ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਊਂਟ ਵਿੱਚ ਭੇਜ ਸਕਦੇ ਹੋ ਜੀ:**

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੈਂਸ ਵੇਲੇ ਜ਼ਰੂਰ ਲਿਖੋ ਜੀ। ਧੰਨਵਾਦ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ (Scale 1: 1250)

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

Stay Connected:
email: info@damdamitaksal.co.uk

DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642

ਸ੍ਰੀ ਅਕਾਲ ਸਹਾਏ ੴ ਸਤਿਗੁਰ ਪ੍ਰਸਾਦਿ॥ ਸ੍ਰੀ ਅਕਾਲ ਸਹਾਏ

# ਸ਼ਹੀਦੀ ਸਮਾਗਮ ਮਿਸ਼ੀਗਨ (USA)



ਸੰਦੀਪ ਸਿੰਘ (ਦੀਪ ਸਿੱਧੂ)



ਭਾਈ ਹਰਦੀਪ ਸਿੰਘ (ਨਿੱਝਰ)



ਭਾਈ ਅਵਤਾਰ ਸਿੰਘ (ਖੰਡਾ)

ਪੰਜਾਬ ਅਤੇ ਸਿੱਖ ਹੱਕਾਂ ਦੇ ਚਲ ਰਹੇ ਸੰਘਰਸ਼ ਵਿੱਚ ਸੱਚ ਅਤੇ ਖਾਲਿਸਤਾਨ ਸਿੱਖ ਰਾਜ ਲਈ ਸ਼ਹੀਦੀ ਦੇਣ ਵਾਲੇ ਸਿੰਘਾਂ ਦੀ ਮਿੱਠੀ ਯਾਦ ਵਿੱਚ ਗੁਰਦੁਆਰਾ ਸਾਹਿਬ ਸਿੰਘ ਸਭਾ ਆਫ਼ ਮਿਸ਼ੀਗਨ ਕੈਂਟਨ ਵਿਖੇ 15 ਮਾਰਚ ਨੂੰ ਸ੍ਰੀ ਅੰਖਡ ਸਾਹਿਬ ਪ੍ਰਕਾਸ਼ ਕੀਤੇ ਜਾਣਗੇ ਅਤੇ 17 ਮਾਰਚ ਨੂੰ ਭੋਗ ਪਾਏ ਜਾਣਗੇ। ਇਸ ਮੌਕੇ ਪੰਜਾਬ ਤੋਂ ਆਏ ਢਾਡੀ ਜੱਥਾ ਭਾਈ ਮਨਿੰਦਰ ਸਿੰਘ ਖਾਲਸਾ ਜੱਥੇ ਸਮੇਤ ਸ਼ਹੀਦਾਂ ਦੀਆਂ ਵਾਰਾਂ ਗਾ ਕੇ ਸੰਗਤਾ ਨੂੰ ਨਿਹਾਲ ਕਰਣਗੇ।

ਆਵਾਜ਼ਿ ਕੌਮ AWAZE QAUM International Newspaper & WEB TV

## ਪਰੋਗ੍ਰਾਮ

### 15 ਮਾਰਚ, 2024 ਦਿਨ ਸ਼ੁੱਕਰਵਾਰ ਨੂੰ

ਆਰੰਭ ਸ੍ਰੀ ਅੰਖਡ ਪਾਠ ਸਾਹਿਬ ਜੀ---------- ਸਵੇਰੇ 06:00 ਵਜੇ।

### 17 ਮਾਰਚ, 2024 ਦਿਨ ਐਤਵਾਰ ਨੂੰ

ਭੋਗ ਸ੍ਰੀ ਅੰਖਡ ਪਾਠ ਸਾਹਿਬ ਜੀ---------- ਸਵੇਰੇ 10:30 ਵਜੇ।

ਸੰਗਤ ਅਤੇ ਬੱਚਿਆਂ ਵੱਲੋਂ ਕੀਰਤਨ -------- 11:00 ਵਜੇ ਤੋਂ 11:15 ਵਜੇ ਤੱਕ

ਕੀਰਤਨ ਹਜ਼ੂਰੀ ਜੱਥਾ ਭਾਈ ਹਰਜੀਤ ਸਿੰਘ ਜੀ --11:15 ਤੋਂ 12:10 ਵਜੇ ਤੱਕ

ਢਾਡੀ ਵਾਰਾਂ ਜੱਥਾ ਭਾਈ ਮਨਿੰਦਰ ਸਿੰਘ ਜੀ --12:10 ਤੋਂ 01:30 ਵਜੇ ਤੱਕ

ਸਮੂੰਹ ਸਾਧ ਸੰਗਤ ਜੀ ਦੇ ਚਰਨਾਂ ਵਿੱਚ ਬੇਨਤੀ ਹੈ ਕਿ ਇਸ ਸਮੇਂ ਆਪ ਜੀ ਗੁਰਦੁਆਰਾ ਸਾਹਿਬ ਹਾਜ਼ਰੀ ਭਰ ਕੇ ਗੁਰਬਾਣੀ ਸ੍ਰਵਣ ਕਰਕੇ ਆਪਣਾ ਜੀਵਨ ਸਫਲਾ ਕਰੋ ਅਤੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

## ਗੁਰਦੁਆਰਾ ਸਾਹਿਬ ਸਿੰਘ ਸਭਾ ਆਫ਼ ਮਿਸ਼ੀਗਨ ਕੈਂਟਨ।

3310 S Canton Center Rd, Canton, MI 48188

Contact- +1 734-612-0002, +1 734-674-6688


ਗੁਰਦੁਆਰਾ ਬਾਬੇ ਸ਼ਹੀਦਾਂ ਬ੍ਰਾਂਚ ਦਮਦਮੀ ਟਕਸਾਲ, ਜੱਥਾ ਭਿੰਡਰਾਂ (ਮਹਿਤਾ)
ਸਰਮੱਸਤਪੁਰ (ਜਲੰਧਰ) ਵਿਖੇ
ਗੁਰਦੁਆਰਾ ਸਾਹਿਬ ਦੇ ਨਵੇਂ ਦਰਬਾਰ ਹਾਲ ਦਾ
ਉਦਘਾਟਨ
15-16-17 ਮਾਰਚ 2024
ਸ਼ੁਕਰਵਾਰ-ਸ਼ਨੀਵਾਰ ਸ਼ਾਮ 6.00 ਤੋਂ 10.00 ਵਜੇ ਤੱਕ
ਐਤਵਾਰ ਸਵੇਰੇ 9.00 ਤੋਂ ਸ਼ਾਮ 4.00 ਵਜੇ ਤੱਕ
ਵਿਸ਼ੇਸ਼ ਸੇਵਾ
ਗੁਰਦੁਆਰਾ ਬਾਬੇ ਸ਼ਹੀਦਾਂ ਅਸਥਾਨ ਦੇ ਮੁੱਖ ਦਰਬਾਰ ਸਾਹਿਬ ਦੀ ਚਲ ਰਹੀ ਕਾਰ ਸੇਵਾ ਵਿੱਚ ਤਨ-ਮਨ-ਧਨ ਨਾਲ ਸੇਵਾ ਕਰਕੇ ਕਿਰਤ ਕਮਾਈ ਸਫਲ ਕਰੋ ਜੀ।
ਫ੍ਰੀ ਮੈਡੀਕਲ ਸੇਵਾ : ਜਨਤਾ ਹਸਪਤਾਲ, ਜਲੰਧਰ।
ਸਰਬੱਤ ਸੰਗਤਾਂ ਨੂੰ ਬੇਨਤੀ ਹੈ ਕਿ ਸਮਾਗਮਾਂ ਵਿੱਚ ਵੱਧ ਤੋਂ ਵੱਧ ਹਾਜ਼ਰੀਆਂ ਭਰਕੇ ਤਨ-ਮਨ ਅਤੇ ਧਨ ਨਾਲ ਸੇਵਾ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।
ਚਾਹ ਅਤੇ ਗੁਰੂ ਕਾ ਲੰਗਰ ਅਤੁੱਟ ਵਰਤੇਗਾ।
Live on
ਦਮਦਮੀ ਟਕਸਾਲ ਟੀਵੀ
LIVE
damdami taksal jatha bhindran
HAR AMRIT LIVE
CONTACT : 98722-39775
ਗੁਰੂ ਪੰਥ ਦੇ ਦਾਸ :
ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ ਮੁਖੀ ਦਮਦਮੀ ਟਕਸਾਲ (ਪ੍ਰਧਾਨ ਸੰਤ ਸਮਾਜ)
ਮੁੱਖ ਪ੍ਰਬੰਧਕ ਗੁਰਦੁਆਰਾ ਬਾਬੇ ਸ਼ਹੀਦਾਂ ਸਰਮਸਤਪੁਰ (ਪਠਾਨਕੋਟ ਰੋਡ) ਬ੍ਰਾਂਚ ਦਮਦਮੀ ਟਕਸਾਲ ਜੱਥਾ ਭਿੰਡਰਾਂ (ਮਹਿਤਾ)
ਸੰਪਰਕ : 99158-00904, 99141-00113, 95927-23111, 97795-81613
ਆਵਾਜ਼ਿ ਕੌਮ AWAZE QAUM
International Newspaper & WEB TV

# THE GURBANI SCHOOL

THE GURBANI SCHOOL

ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।

LEARN THE CORRECT PRONUNCIATION OF GURBANI IN THE CONVENIENCE OF YOUR OWN HOME

GET IT ON Google Play

Download on the App Store




ਆਵਾਜ਼ਿ ਕੌਮ AWAZE QAUM International Newspaper & WEB TV

**INTERACTIVE LEARNING**
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION

8
**EIGHT PRAYERS AVAILABLE**
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN

**AUTO SCROLL GURBANI PLAYER**
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION

**MULTILINGUAL**
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



# ਦਿੱਲੀ ਫਤਿਹ ਦਿਵਸ

ਦਿੱਲੀ ਫਤਿਹ ਦਿਵਸ ਬਾਬਾ ਬਘੇਲ ਸਿੰਘ ਜੀ ਨੂੰ ਸਮਰਪਿਤ ਗੁਰਮਤਿ ਸਮਾਗਮ ਕਰਵਾਏ ਜਾ ਰਹੇ ਹਨ

**ਸ਼ਨੀਵਾਰ 16 ਮਾਰਚ ਸ਼ਾਮ 5 ਤੋਂ 8 ਵਜੇ ਤੱਕ ਦੀਵਾਨ ਸਜਣਗੇ**

ਐਤਵਾਰ 17 ਮਾਰਚ ਨੂੰ 6:30 ਸਵੇਰੇ ਚਪੈਹਿਰਾ ਦੇ ਪਾਠਾਂ ਦੀ ਅਰੰਭਤਾ ਹੋਵੇਗੀ 10: 30 ਵਜੇ ਭੋਗ ਪੈਣਗੇ ਉਪੰਰਤ ਦੀਵਾਨ ਸਜਣਗੇ।

ਪੰਜਾਬ ਦੀ ਧਰਤੀ ਤੋਂ ਪੁਹੰਚ ਰਹੇ ਕੀਰਤਨੀ ਜਥਾ ਰਾਗੀ ਭਾਈ ਹਰਦੀਪ ਸਿੰਘ ਹਜ਼ੂਰੀ ਰਾਗੀ ਸ਼੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲੇ ਕੀਰਤਨ ਰਾਹੀਂ ਗੁਰਬਾਣੀ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**
ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-
ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778
ਭਾਈ ਬਲਰਾਮ ਸਿੰਘ +393885751594
ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ ਸ਼ੇਅਰ ਜ਼ਰੂਰੀ ਕਰਨਾ ਜੀ ☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢਕੇ ਸਮਾਗਮਾ ਵਿਚ ਪੁਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**
Via Giacomo Matteotti 3Cap
26020Casalmorano Cremona (IT)
E-mail : gur.damdamitaksaalitaly@gmail.com
Call+393475711755 / 3208124778



# ਅਸੀਂ ਜਿਉਂਦੇ ਹਾਂ..!

"ਸਿੱਖ ਜਵਾਨੀ ਨੂੰ ਨਸ਼ਿਆਂ ਦੇ ਚੱਕਰਵਿਊ ਤੋਂ ਬਚਾਉਣ ਨਿਕਲੇ ਭਾਈ ਅੰਮ੍ਰਿਤਪਾਲ ਸਿੰਘ ਅਤੇ ਉਹਨਾਂ ਦੇ ਸਾਥੀਆਂ ਨੂੰ ਜੇਲ੍ਹਾਂ ਵਿੱਚ ਤਿਲ ਤਿਲ ਕਰ ਕੇ ਮਾਰਨ ਦੀ ਸਾਜ਼ਿਸ਼ ਅਮਲ ਵਿੱਚ ਲਿਆਂਦੀ ਜਾ ਰਹੀ ਹੈ।

**ਕੀ ਸਿੱਖ ਕੌਮ ਅੰਦਰ ਆਪਣੇ ਹੀਰਿਆਂ ਨੂੰ ਬਚਾਉਣ ਜੋਗਾ ਸਾਹ-ਸਤ ਨਹੀਂ ਰਿਹਾ...?**

17 ਮਾਰਚ 2024 ਨੂੰ ਪੰਥਕ ਇਕੱਤਰਤਾ ਵਿੱਚ ਸਾਰਾਗੜ੍ਹੀ ਚੌਕ, ਸ੍ਰੀ ਅੰਮ੍ਰਿਤਸਰ ਪਹੁੰਚੋ, ਤਾਂ ਕਿ ਜਾਬਰ ਹਕੂਮਤ ਨੂੰ ਦੱਸ ਦੇਈਏ ਕਿ ਸਿੱਖ ਕੌਮ ਜਿਊਂਦੀ ਹੈ।"

ਬਲਜੀਤ ਸਿੰਘ ਖ਼ਾਲਸਾ, ਮੁੱਖ ਸੰਪਾਦਕ 'ਵੰਗਾਰ'
# 98558 31284

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




# ਅਨੀਮੀਆ ਮੁਕਤ ਪ੍ਰੋਗਰਾਮ ਸਬੰਧੀ ਆਂਗਣਵਾੜੀ ਵਰਕਰਾਂ ਨੂੰ ਦਿੱਤੀ ਟ੍ਰੇਨਿੰਗ

ਤਲਵੰਡੀ ਸਾਬੋ, 16 ਮਾਰਚ (ਗੁਰਜੰਟ ਸਿੰਘ ਨਥੇਹਾ)- ਸਿਵਲ ਸਰਜਨ ਬਠਿੰਡਾ ਡਾ. ਤੇਜਵੰਤ ਸਿੰਘ ਢਿਲੋਂ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਅਤੇ ਸੀਨੀਅਰ ਮੈਡੀਕਲ ਅਫਸਰ ਤਲਵੰਡੀ ਸਾਬੋ ਦੀ ਯੋਗ ਅਗਵਾਈ ਹੇਠ ਐਸ.ਡੀ.ਐੱਚ ਵਿਖੇ ਆਰ.ਬੀ.ਐਸ.ਕੇ ਟੀਮ ਵੱਲੋਂ ਬਲਾਕ ਦੀਆ ਆਂਗਣਵਾੜੀ ਵਰਕਰਾਂ ਨੂੰ ਭਾਰਤ ਸਰਕਾਰ ਵੱਲੋਂ ਚਲਾਏ ਅਨੀਮੀਆ ਮੁਕਤ ਭਾਰਤ ਪ੍ਰੋਗਰਾਮ ਅਧੀਨ ਟ੍ਰੇਨਿੰਗ ਕਰਵਾਈ ਗਈ। ਇਸ ਮੌਕੇ ਆਰ ਬੀ. ਐੱਸ. ਕੇ ਟੀਮ ਦੇ ਡਾ. ਨਵਪ੍ਰੀਤ ਸਿੰਘ ਏ.ਐੱਮ.ਓ. ਨੇ ਆਂਗਣਵਾੜੀ ਵਰਕਰਾਂ ਨੂੰ ਅਨੀਮੀਆ ਮੁਕਤ ਭਾਰਤ ਸਬੰਧੀ ਸਰਕਾਰ ਵੱਲੋਂ ਮਿਥੇ ਟੀਚੇ ਬਾਰੇ ਅਤੇ ਅਨੀਮਿਆਂ ਤੋਂ ਬੱਚਿਆਂ ਵਿੱਚ ਹੋਣ ਵਾਲੇ ਨੌਂ ਜਮਾਂਦਰੂ ਨੁਕਸ ਅਤੇ ਉਸ ਦੀ ਰੋਕਥਾਮ ਬਾਰੇ ਚਾਨਣਾ ਪਾਇਆ।



ਇਸਤੋਂ ਇਲਾਵਾ ਉਹਨਾਂ ਮਾਤਾ ਦੇ ਗਰਭ ਧਾਰਨ ਤੋਂ ਹੀ ਇਹਨਾਂ ਨੁਕਸ਼ਾਂ ਨੂੰ ਕਿਵੇਂ ਠੀਕ ਕੀਤਾ ਜਾ ਸਕਦਾ ਹੈ ਤੇ ਕੀ ਇਲਾਜ ਕੀਤਾ ਜਾ ਸਕਦਾ ਹੈ ਅਤੇ ਇਸ ਦੇ ਨਾਲ-ਨਾਲ ਗਰਭਵਤੀ ਮਹਿਲਾਵਾਂ ਨੂੰ ਕੀ ਆਹਾਰ ਦਿੱਤਾ ਜਾਣਾ ਚਾਹੀਦਾ ਹੈ ਤਾਂ ਕਿ ਨਵੇਂ ਪੈਦਾ ਹੋਣ ਵਾਲੇ ਬੱਚੇ ਨੂੰ ਕੋਈ ਜਮਾਂਦਰੂ ਨੁਕਸ ਨਾ ਹੋਣ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਤੋਂ ਇਲਾਵਾ ਉਹਨਾਂ ਬੱਚਿਆਂ ਨੂੰ ਅਨੀਮਿਆਂ ਤੋਂ ਕਿਵੇਂ ਬਚਾਇਆ ਜਾ ਸਕਦਾ ਹੈ ਅਤੇ ਅਨੀਮੀਆ ਦੀ ਮੁੱਢ ਤੋਂ ਰੋਕਥਾਮ ਸਬੰਧੀ ਕੀ-ਕੀ ਆਹਾਰ ਦੇਣਾ ਚਾਹੀਦਾ ਹੈ। ਇਸਦੇ ਨਾਲ ਵਿਭਾਗ ਵੱਲੋਂ ਮੁਹੱਈਆ ਕਰਵਾਈ ਗਈ ਆਇਰਨ ਕਿੰਨੀ ਮਾਤਰਾ ਵਿੱਚ ਉਮਰ ਦੇ ਹਿਸਾਬ ਨਾਲ ਦਿੱਤੀ ਜਾਣੀ ਚਾਹੀਦੀ ਹੈ ਇਸ ਸਬੰਧੀ ਵਿਸਥਾਰ ਪੂਰਵਕ ਦੱਸਿਆ ਗਿਆ।ਡਾ. ਧੀਰਜ ਜਿੰਦਲ ਨੇ ਆਂਗਣਵਾੜੀ ਵਰਕਰਾਂ ਦੇ ਕੰਮਾਂ ਦੀ ਸਰਾਹਨਾ ਵੀ ਕੀਤੀ ਅਤੇ ਕਿਹਾ ਕਿ ਸਾਨੂੰ ਤੰਦਰੁਸਤ ਸਮਾਜ ਦੀ ਸਿਰਜਣਾ ਲਈ ਗਰਭ ਦੌਰਾਨ ਪਲ ਰਹੇ ਬੱਚੇ ਅਤੇ ਗਰਭਵਤੀ ਔਰਤਾਂ ਦੀ ਤੰਦਰੁਸਤੀ ਲਈ ਪੌਸ਼ਿਟਕ ਖੁਰਾਕ ਸਬੰਧੀ ਪ੍ਰੇਰਿਤ ਕੀਤਾ ਅਤੇ ਨਾਲ ਹੀ ਡਾਕਟਰ ਦੀ ਸਲਾਹ ਅਨੁਸਾਰ ਲੋੜੀਂਦੀਆਂ ਆਇਰਨ, ਕੈਲਸ਼ੀਅਮ ਆਦਿ ਦਵਾਈਆਂ ਖਾਣ ਸਬੰਧੀ ਵੀ ਸਮਝਾਇਆ ਜਾਵੇ। ਉਹਨਾਂ ਕਿਹਾ ਕਿ ਹਰ ਗਰਭਵਤੀ ਔਰਤ ਨੂੰ ਆਪਣੇ ਲੋੜੀਂਦੇ ਐਂਟੀਨੇਟਲ ਚੈੱਕ ਅੱਪ ਕਰਵਾਉਣ ਲਈ ਪ੍ਰੇਰਿਤ ਕੀਤਾ ਜਾਵੇ ਅਤੇ ਜਣੇਪਾ ਸਰਕਾਰੀ ਹਸਪਤਾਲ ਵਿੱਚ ਕਰਵਾਉਣ ਸਬੰਧੀ ਵੀ ਸਮਝਾਇਆ ਜਾਵੇ।ਅੰਤ ਵਿੱਚ ਡਾ. ਦਰਸ਼ਨ ਕੌਰ ਵਲੋਂ ਸਮੂਹ ਵਰਕਰਾਂ ਨੂੰ ਆਪਣਾ ਕੰਮ ਤਨਦੇਹੀ ਨਾਲ ਕਰਨ ਅਤੇ ਅਨੀਮੀਆ ਵਿਰੁੱਧ ਚਲਾਈ ਜਾ ਰਹੀ ਜੰਗ ਵਿੱਚ ਯੋਗਦਾਨ ਪਾਉਣ ਸਬੰਧੀ ਪ੍ਰੇਰਿਤ ਕੀਤਾ ਅਤੇ ਆਪਣਾ ਕੰਮ ਜੋਸ਼ ਨਾਲ ਕੰਮ ਕਰਨ ਲਈ ਉਤਸ਼ਾਹਿਤ ਕੀਤਾ। ਇਸ ਮੌਕੇ ਸ੍ਰੀਮਤੀ ਗੁਰਸਿਮਰਤ ਕੌਰ ਬਲਾਕ ਐਜੂਕੇਟਰ ਸਟਾਫ ਨਰਸ, ਸ਼ਿੰਦਰਪਾਲ ਕੌਰ ਐਲ. ਐਚ. ਵੀ ਸਤਵੀਰ ਕੌਰ ਸਟਾਫ ਨਰਸ ਆਦਿ ਹਾਜ਼ਰ ਸਨ।

**ਸਾਲ ਵਿੱਚ ਦੋ ਵਾਰ ਡੀਵਰਮਿੰਗ ਅਤੇ ਲੋੜੀਂਦੀਆਂ ਆਇਰਨ, ਕੈਲਸ਼ੀਅਮ ਦੀ ਖੁਰਾਕਾਂ ਵੀ ਜ਼ਰੂਰੀ- ਡਾ. ਦਰਸ਼ਨ ਕੌਰ**

ਆਵਾਜ਼ਿ ਕੌਮ AWAZE QAUM International Newspaper & WEB TV

# ਸ਼੍ਰੋਮਣੀ ਅਕਾਲੀ ਦਲ ਲੋਕ ਸਭਾ ਚੋਣਾਂ ਵਿੱਚ ਮੁੜ ਸ਼ਾਨਦਾਰ ਵਾਪਸੀ ਕਰ ਰਿਹਾ ਹੈ ਰਣਜੀਤ ਸਿੰਘ ਰੰਧਾਵਾ

ਧੂਰੀ ( ਰਣਜੀਤ ਸਿੰਘ ਪੇਧਨੀ ) ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਜੋ ਹਵਾ ਬਣੀ ਸੀ ਉਹ ਹੁਣ ਪੂਰੀ ਤਰ੍ਹਾਂ ਖਤਮ ਹੋ ਗਈ ਹੈ ਕਿਉਂਕਿ ਲੋਕਾਂ ਨਾਲ ਵੱਡੇ ਵੱਡੇ ਝੂਠ ਮਾਰ ਕੇ ਚੁਟਕਲੇ, ਟੋਟਕੇ ਸੁਣਾ ਕੇ ਮੁੱਖ ਮੰਤਰੀ ਬਣੇ ਭਗਵੰਤ ਸਿੰਘ ਮਾਨ ਦੀ ਸਰਕਾਰ ਤੋਂ ਪੰਜਾਬ ਦੇ ਲੋਕਾਂ ਦਾ ਮੋਹ ਭੰਗ ਹੋ ਚੁੱਕਿਆ ਹੈ। ਸਤਾ ਤੇ ਕਾਬਜ਼ ਆਮ ਆਦਮੀ ਪਾਰਟੀ ਨੂੰ ਹੁਣ ਲੋਕ ਸਭਾ ਚੋਣਾਂ ਵਿੱਚ ਉਮੀਦਵਾਰ ਨਹੀਂ ਲੱਭ ਹਰੇ ਆਪ ਦੀ

ਆਵਾਜ਼ਿ ਕੌਮ AWAZE QAUM International Newspaper & WEB TV



ਹਾਰ ਪ੍ਰਤੱਖ ਦਿਖਾਈ ਦੇਣ ਲੱਗ ਪਈ ਹੈ ਕਿਉਂਕਿ ਉਹਨਾ ਨੇ ਪਹਿਲਾਂ ਹੀ ਆਪਣੇ ਪੰਜ ਕੈਬਨਿਟ ਮੰਤਰੀਆਂ ਨੂੰ ਟਿਕਟਾਂ ਦੇ ਕੇ ਉਮੀਦਵਾਰ ਬਣਾ ਦਿੱਤਾ ਗਿਆ ਇਸ ਗੱਲ ਤੇ ਇਸ ਤੋਂ ਸਾਫ ਨਜ਼ਰ ਆਉਂਦਾ ਹੈ ਕਿ ਆਮ ਆਦਮੀ ਪਾਰਟੀ ਆਮ ਵਰਕਰਾਂ ਨੂੰ ਟਿਕਟ ਦੇਣ ਤੋਂ ਭੱਜਦੀ ਹੈ। ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ,ਧੂਰੀ ਦੇ ਉੱਘੇ ਸਮਾਜ ਸੇਵਕ ਸ, ਰਣਜੀਤ ਸਿੰਘ ਰੰਧਾਵਾ ਕਾਤਰੋਂ ਨੇ ਕੀਤਾ।ਉਹਨਾਂ ਕਿਹਾ ਕਿ ਪੰਜਾਬ ਵਿੱਚ ਸ਼੍ਰੋਮਣੀ ਅਕਾਲੀ ਦਲ ਲੋਕ ਸਭਾ ਚੋਣਾਂ ਵਿੱਚ ਮੁੜ ਸ਼ਾਨਦਾਰ ਵਾਪਸੀ ਕਰ ਰਿਹਾ ਹੈ। ਪਾਰਟੀ ਵੱਲੋਂ ਸ਼ੁਰੂ ਕੀਤੀ ਗਈ ਪੰਜਾਬ ਬਚਾਓ ਯਾਤਰਾ ਜਿਸ ਦੀ ਅਗਵਾਈ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਕਰ ਰਹੇ ਹਨ, ਯਾਤਰਾ ਚ ਜੁੜ ਰਹੇ ਭਾਰੀ ਇਕੱਠ ਨਵੀਂ ਤਬਦੀਲੀ ਦਾ ਸੁਨੇਹਾ ਹਨ ਪਿਛਲੇ ਦਿਨੀ ਸਾਬਕਾ ਕੇਂਦਰੀ ਮੰਤਰੀ ਸੁਖਦੇਵ ਸਿੰਘ ਢੀਡਸਾ ਅਤੇ ਬੀਬੀ ਜੰਗੀਰ ਕੌਰ ਸਾਬਕਾ ਪ੍ਰਧਾਨ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪਾਰਟੀ ਵਿੱਚ ਵਾਪਸੀ ਦੇ ਨਾਲ ਪਾਰਟੀ ਹੋਰ ਮਜਬੂਤ ਹੋਵੇਗੀ ਅਤੇ ਨੌਜਵਾਨਾਂ ਵਿੱਚ ਲੋਕ ਸਭਾ ਚੋਣਾਂ ਨੂੰ ਦੇਖਦਿਆਂ ਹੋਇਆਂ ਭਾਰੀ ਉਤਸਾਹ ਦੇਖਣ ਨੂੰ ਮਿਲ ਰਿਹਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243




## ਬਾਬਾ ਦੇਸਾ ਸਿੰਘ ਜੀ ਦੇ ਅਸਥਾਨਾਂ ਤੇ ਲੋੜਵੰਦ ਗਰੀਬ ਕੁੜੀਆਂ ਦੇ ਵਿਆਹ 19 ਨੂੰ : ਬਾਬਾ ਭਰਪੂਰ ਸਿੰਘ ਚੰਗਾਲ





**ਧੂਰੀ( ਰਣਜੀਤ ਸਿੰਘ ਪੇਧਨੀ )**- ਸਹੀਦਾਂ ਦੇ ਸਿਰਤਾਜ ਧੰਨ ਧੰਨ ਸ੍ਰੀ ਗੁਰੂ ਅਰਜਨ ਦੇਵ ਮਹਾਰਾਜ ਜੀ ਦੀ ਫੁੱਲਵਾੜੀ ਚੋ ਸਹੀਦ ਬਾਬਾ ਦੇਸਾ ਸਿੰਘ ਜੀ ਦੇ ਅਸਥਾਨ ਚੰਗਾਲ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਉਘੇ ਸਮਾਜ ਸੇਵੀ, ਬਾਬਾ ਭਰਭੂਰ ਸਿੰਘ ਜੀ ਦੀ ਸਰਪ੍ਰਸਤੀ ਹੇਠ ਨਗਰ ,ਇਲਾਕੇ ਅਤੇ ਦੇਸ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ 19 ਮਾਰਚ ਨੂੰ ਅਨੇਕਾਂ ਹੀ ਲੋੜਵੰਦ ਗਰੀਬ ਕੁੜੀਆ ਦੇ ਵਿਆਹ ਕੀਤੇ ਜਾ ਰਹੇ ਹਨ। ਇਸ ਮੌਕੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਬਾਬਾ ਭਰਪੂਰ ਸਿੰਘ ਨੇ ਦੱਸਿਆ ਹੈ ਕਿ ਸ਼ਹੀਦ ਸਿੰਘਾਂ ਦੀ ਯਾਦ ਵਿੱਚ ਸ੍ਰੀ ਅਖੰਡ ਪਾਠ ਸਾਹਿਬ ਦੀ ਲੜੀ 22 ਫਰਵਰੀ ਤੋਂ ਸ਼ੁਰੂ ਹੋ ਕੇ ਲਗਾਤਾਰ ਪਾਠ ਚੱਲ ਰਹੇ ਹਨ ਜਿਸ ਵਿੱਚ ਸੰਗਤਾਂ ਆ ਕੇ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਆਸ਼ੀਰਵਾਦ ਪ੍ਰਾਪਤ ਕਰਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰ ਰਹੇ ਹਨ। ਜਿਕਰਯੋਗ ਹੈ ਕਿ ਸ਼ਹੀਦ ਸਿੰਘਾਂ ਦੇ ਅਸਥਾਨ ਤੇ ਸੰਤ ਬਾਬਾ ਗੁਰਚਰਨ ਸਿੰਘ ਜੀ ਸਿੱਧਸਰ ਰੋੜੇਵਾਲ ਵਾਲੇ ਬਾਬਾ ਭਰਪੂਰ ਸਿੰਘ ਵੱਲੋਂ ਕਰਵਾਏ ਜਾ ਰਹੇ ਗਰੀਬ ਕੁੜੀਆਂ ਦੇ ਵਿਆਹ ਸਮਾਗਮ ਦੇ ਲਈ ਅਸੀਰਵਾਦ ਦੇਣ ਲਈ ਵਿਸ਼ੇਸ਼ ਤੌਰ ਤੇ ਪਹੁੰਚੇ। ਇਸ ਮੌਕੇ ਜਗਦੀਸ ਸਿੰਘ ਕੰਨਗੋ, ਸਮਿੰਦਰ ਸਿੰਘ, ਮਨਜੀਤ ਸਿੰਘ ਚੰਗਾਲ , ਬੱਗਾ ਚੰਗਾਲ, ਪਰਗਟ ਸਿੰਘ ਦਾਨਗੜ੍ਹ, ਸੁਖਦੇਵ ਸਿੰਘ ਬੇਨੜਾ, ਬਿੰਦਰ ਕੱਟੂ, ਗੁਰਮੀਤ ਸਿੰਘ ਕੱਟੂ, ਪੱਤਰਕਾਰ ਰਣਜੀਤ ਸਿੰਘ ਪੇਧਨੀ, ਸੁੱਖਾ ਛਾਜਲੀ, ਗੁਰਪ੍ਰੀਤ ਸਿੰਘ ਬਰੜਵਾਲ, ਅਰਸ ਧਨੌਲਾ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਮਾਤਾ ਹਰਪਾਲ ਕੌਰ ਨੇ ਪਿੰਡ ਘਨੌਰੀ ਵਿਖੇ 62 ਕਰੋੜ ਦੀ ਲਾਗਤ ਨਾਲ ਬਣਨ ਵਾਲੇ ਪ੍ਰੋਜੈਕਟਾਂ ਦਾ ਕੀਤਾ ਉਦਘਾਟਨ



ਧੂਰੀ ( ਰਣਜੀਤ ਸਿੰਘ ਪੇਧਨੀ ) ਪੰਜਾਬ ਮੁੱਖ ਮੰਤਰੀ ਪੰਜਾਬ ਸ੍ਰ ਭਗਵੰਤ ਸਿੰਘ ਮਾਨ ਦੇ ਸਤਿਕਾਰਯੋਗ ਮਾਤਾ ਹਰਪਾਲ ਕੌਰ ਨੇ ਪਿੰਡ ਘਨੌਰੀ ਕਲਾਂ ਵਿਖੇ ਕਰੋੜਾਂ ਰੁਪਏ ਦੇ ਸੜਕੀ ਪ੍ਰੋਜੈਕਟਾਂ ਦੇ ਉਦਘਾਟਨ ਕੀਤਾ ਜਿਸ ਵਿੱਚ ਧੂਰੀ ਸ਼ੇਰਪੁਰ ਸੜਕ ਨੂੰ ਦੋਨਾਂ ਪਾਸਿਆਂ ਤੋਂ ਢਾਈ ਢਾਈ ਫੁੱਟ ਚੌੜਾ ਕਰਕੇ ਪ੍ਰੀਮਿਕਸ ਪਾਉਣਾ ਅਤੇ ਸੰਗਰੂਰ ਲੁਧਿਆਣਾ ਸੜਕ ਦੀ ਪਰਿਓਡੀਕਲ ਰਿਪੇਅਰ 62 ਕਰੋੜ ਤੋਂ ਵੱਧ ਦੀ ਲਾਗਤ ਨਾਲ ਕਰਨਾ ਸ਼ਾਮਿਲ ਹੈ ਕੀਤੇ ਗਏ। ਇਸ ਮੌਕੇ ਤੇ ਚੇਅਰਮੈਨ ਸ੍ਰ ਰਾਜਵੰਤ ਸਿੰਘ ਘੁੱਲੀ,ਚੇਅਰਮੈਨ ਸ੍ਰ ਸਤਿੰਦਰ ਸਿੰਘ ਚੱਠਾ,ਡਾਕਟਰ ਅਨਵਰ ਭਸੌੜ ਮੈਂਬਰ ਵਕਫ ਬੋਰਡ ਪੰਜਾਬ, ਸ੍ਰ ਅਮੀਰ ਸਿੰਘ,ਸੀਨੀਅਰ ਆਪ ਆਗੂ ਸ੍ਰ ਅਮਰਦੀਪ ਸਿੰਘ ਧਾਂਦਰਾ, ਬਲਾਕ ਪ੍ਰਧਾਨ ਸ੍ਰ ਜਸਵਿੰਦਰ ਸਿੰਘ ਘਨੌਰ, ਬਲਾਕ ਪ੍ਰਧਾਨ ਸ੍ਰ ਗੁਰਤੇਜ ਸਿੰਘ ਤੇਜੀ ਕੱਕੜਵਾਲ, ਸਾਬਕਾ ਬਲਾਕ ਸੰਮਤੀ ਮੈਂਬਰ ਸ੍ਰ ਗੁਰਮੇਲ ਸਿੰਘ ਚਹਿਲ ਪ੍ਰਧਾਨ ਆਮ ਆਦਮੀ ਪਾਰਟੀ ਇਕਾਈ ਘਨੌਰੀ ਕਲਾਂ,ਮਾ. ਕੁਲਵੰਤ ਸਿੰਘ ਘਨੌਰੀ,ਬਿੱਲਾ ਸਾਹੀਵਾਲ, ਆਪ ਆਗੂ ਭਿੰਦਾ ਵਿਰਕ,ਸਰਪੰਚ ਸੁਖਪਾਲ ਸਿੰਘ ਚਹਿਲ ਅਤੇ ਯੂਥ ਆਗੂ ਚਰਨਜੀਤ ਸਿੰਘ ਕਾਲੋ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਸ. ਜੋਗਿੰਦਰ ਸਿੰਘ ਚੱਠਾ ਹਡਰਸਫੀਲਡ ਯੂਕੇ ਦੇ ਭਰਾਤਾ ਸਵ. ਬਲਵਿੰਦਰ ਸਿੰਘ ਚੱਠਾ ਢੰਡੋਵਾਲ ਨਮਿਤ

# ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ

**ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ ਮੈਂਬਰ ਸਾਬਕਾ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ, ਸਰਦਾਰ ਪੂਰਨ ਸਿੰਘ ਚੱਠਾ ਵੁਲਵਰਹੈਂਪਟਨ,ਸਰਦਾਰ ਬਲਦੇਵ ਸਿੰਘ ਸਾਬਕਾ ਸਰਪੰਚ ਢੰਡੋਵਾਲ ਨੇ ਸ਼ਰਧਾ ਦੇ ਫੁੱਲ ਭੇਂਟ ਕੀਤੇ**

















ਸਰਦਾਰ ਜੋਗਿੰਦਰ ਸਿੰਘ ਚੱਠਾ ਹਡਰਸਫੀਲਡ ਯੂਕੇ ਦੇ ਭਰਾਤਾ ਸਰਦਾਰ ਬਲਵਿੰਦਰ ਸਿੰਘ ਚੱਠਾ ਢੰਡੋਵਾਲ ਜੋ ਪਿਛਲੇ ਦਿਨੀਂ ਅਕਾਲ ਚਲਾਣਾ ਕਰ ਗਏ ਸਨ ਅੱਜ ਉਨਾਂ ਦੀ ਅੰਤਿਮ ਅਰਦਾਸ ਸਮੇਂ ਗੁਰਦੁਆਰਾ ਸਾਹਿਬ ਪਿੰਡ ਢੰਡੋਵਾਲ ਸ਼ਾਹਕੋਟ ਜਲੰਧਰ ਵਿਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਰਾਗੀ ਜੱਥਾ ਗੁਰਦੁਆਰਾ ਦਾਦੂ ਸਾਹਿਬ ਨੇ ਵੈਰਾਗਮਈ ਕੀਰਤਨ ਕੀਤਾ ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ ਜੀ ਮੈਂਬਰ ਸਾਬਕਾ ਪ੍ਰਧਾਨ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ,ਸਰਦਾਰ ਪੂਰਨ ਸਿੰਘ ਚੱਠਾ ਵੁਲਵਰਹੈਂਪਟਨ,ਸਰਦਾਰ ਬਲਦੇਵ ਸਿੰਘ ਸਾਬਕਾ ਸਰਪੰਚ ਢੰਡੋਵਾਲ ਨੇ ਸ਼ਰਧਾਂ ਦੇ ਫੁੱਲ ਭੇਂਟ ਕੀਤੇ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਆਰ-ਪਾਰ ਦੀ ਲੜਾਈ ਦੇ ਮੂੜ ਵਿੱਚ ਹਨ ਰੇਲਵੇ ਕਰਮਚਾਰੀ : ਸ਼ਿਵ ਗੋਪਾਲ ਮਿਸ਼ਰਾ

# ਕਰਮਚਾਰੀਆਂ ਦੇ ਉੱਤੇ ਅੱਤਿਆਚਾਰ ਬਰਦਾਸ਼ ਨਹੀਂ : ਕਾਮਰੇਡ ਸ਼ਿਵ ਦੱਤ



**ਫ਼ਿਰੋਜ਼ਪੁਰ, 16 ਮਾਰਚ (ਮਨੋਹਰ ਲਾਲ) :—** ਨਾਰਦਨ ਰੇਲਵੇ ਮੈਨਜ ਯੂਨੀਅਨ ਫਿਰੋਜ਼ਪੁਰ ਮੰਡਲ ਦੁਆਰਾ ਅੱਜ ਮੰਡਲ ਰੇਲ ਪ੍ਰਬੰਧਕ ਦੇ ਦਫਤਰ ਦੇ ਬਾਹਰ ਹੁੰਕਾਰ ਰੈਲੀ ਦਾ ਆਯੋਜਨ ਕੀਤਾ ਗਿਆ। ਅੱਜ ਦੀ ਰੈਲੀ ਦੀ ਪ੍ਰਧਾਨਗੀ ਮੰਡਲ ਖਜਾਨਚੀ ਕਾਮਰੇਡ ਸੁਭਾਸ਼ ਸ਼ਰਮਾ ਨੇ ਕੀਤੀ, ਜਦੋਂ ਕਿ ਫਿਰੋਜ਼ਪੁਰ ਮੰਡਲ ਦੇ ਕੋਨੇ—ਕੋਨੇ ਤੋਂ ਹਜ਼ਾਰਾਂ ਰੇਲ ਮੁਲਾਜ਼ਮਾਂ ਨੇ ਹਿੱਸਾ ਲਿਆ। ਮੰਚ ਦਾ ਸੰਚਾਲਨ ਕਰਦੇ ਹੋਏ ਮੰਡਲ ਸੈਕਟਰੀ ਕਾਮਰੇਡ ਸ਼ਿਵ ਦੱਤ ਨੇ ਹੁੰਕਾਰ ਰੈਲੀ ਵਿੱਚ ਹਾਜ਼ਰ ਸਾਰੇ ਕਰਮਚਾਰੀਆਂ ਦਾ ਅਬਾਰ ਪ੍ਰਗਟ ਕੀਤਾ ਅਤੇ ਕਿਹਾ ਕਿ ਤੁਹਾਡੀ ਸਾਰਿਆਂ ਦੀ ਹਾਜਰੀ ਵਿੱਚ ਸਾਬਤ ਹੋ ਗਿਆ ਹੈ ਕਿ ਫਿਰੋਜ਼ਪੁਰ ਡਿਵੀਜ਼ਨ ਦਾ ਹਰੇਕ ਕਰਮਚਾਰੀ ਜੁਰਮ ਦੇ ਖਿਲਾਫ ਲੜਾਈ ਵਿੱਚ ਇੱਕਮੁੱਠ ਹੈ। ਉਨ੍ਹਾਂ ਅੱਜ ਦੀ ਰੈਲੀ ਦੇ ਮੁੱਖ ਮੁੱਦੇ ਰੇਲ ਕਾਮਿਆਂ ਤੇ ਲਾਈ ਗਈ 14—2 ਦੇ ਅਧੀਨ ਰੇਲ ਸੇਵ ਤੋਂ ਨੌਕਰੀ ਕੱਢਣ ਵਾਲੀ ਦਫਾ ਦੀ ਨਿਖੇਧੀ ਕੀਤੀ, ਪ੍ਰਸ਼ਾਸਨ ਵੱਲੋਂ ਰੇਲ ਕਾਮਿਆ ਉੱਤੇ ਪ੍ਰੈਸ਼ਰ ਬਹੁਤ ਪਾਇਆ ਗਿਆ ਹੈ, ਜਿਵੇਂ ਕਿ ਆਪਰੇਟਿੰਗ ਕਾਮੇ, ਰਨਿੰਗ ਸਟਾਫ ਅਤੇ ਮਕੈਨੀਕਲ ਵਿਭਾਗ ਦੇ ਕਰਮਚਾਰੀਆਂ ਉੱਤੇ ਲਗਾਤਾਰ ਕੰਮ ਦੌਰਾਨ ਉਵਰ ਲੋਡਿਗ ਕਰਕੇ ਸਟਰੈਸ ਬਣਾਇਆ ਜਾ ਰਿਹਾ ਹੈ, ਪ੍ਰਸ਼ਾਸਨ ਆਰਥਿਕ ਉਪਾਵਾਂ ਦੇ ਨਾਂ ਤੇ ਸੁਰੱਖਿਆ ਨੂੰ ਛਿੱਕੇ ਟੰਗ ਕੇ ਠੇਕੇਦਾਰੀ ਸਿਸਟਮ ਨੂੰ ਵਧਾਇਆ ਜਾ ਰਿਹਾ ਹੈ, ਰੇਲ ਦੇ ਵਿੱਚ ਲਗਾਤਾਰ ਵਧ ਰਹੇ ਨਿਜੀਕਰਨ ਨਿਗਮੀ ਕਰਨ ਤੇ ਠੇਕੇਦਾਰੀ ਸਿਸਟਮ ਉੱਤੇ ਚਿੰਤਾ ਪ੍ਰਗਟ ਕਰਦੇ ਹੋਏ ਕੇਂਦਰ ਸਰਕਾਰ ਅਤੇ ਰੇਲ ਪ੍ਰਸ਼ਾਸਨ ਨੂੰ ਲੰਮੇ ਹੱਥੋਂ ਲਿਆ। ਕਾਮਰੇਡ ਦੱਤ ਨੇ ਕਿਹਾ ਕਿ ਰੇਲ ਕਰਮਚਾਰੀਆਂ ਉੱਤੇ ਅੱਤਿਆਚਾਰ ਅਤੇ ਪ੍ਰੈਸ਼ਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ, ਉਨ੍ਹਾਂ ਫਿਰੋਜ਼ਪੁਰ ਮੰਡਲ ਦੀ ਸੁਰੱਖਿਆ ਨਾਲ ਜੁੜੇ ਸਾਰੀਆਂ ਖਾਲੀ ਪਈਆਂ ਪੋਸਟਾਂ ਨੂੰ ਭਰਨ ਅਤੇ ਰੇਲਵੇ ਦੇ ਕੁਆਰਟਰਾਂ ਦੀ ਜਰੂਰੀ ਮੁਰੰਮਤ, ਸਾਰੇ ਹਸਪਤਾਲਾਂ ਵਿੱਚ ਮੈਡੀਕਲ ਸੁਵਿਧਾਵਾਂ ਨੂੰ ਬਿਹਤਰ ਬਣਾਉਣ ਅਤੇ ਹਰ ਹਸਪਤਾਲ ਚ ਇਕ ਐਬੂਲੈਂਸ ਦੀ ਸੁਵਿਧਾ ਮੁਹਈਆ ਕਰਾਉਣ ਦੀ ਵੀ ਮੰਗ ਕੀਤੀ। ਮੁੱਖ ਰੂਪ ਵਿੱਚ ਹਾਜ਼ਰ ਆਲ ਇੰਡੀਆ ਰੇਲਵੇ ਮੈਨਸ ਫੈਡਰੇਸ਼ਨ ਅਤੇ ਐਨ.ਆਰ.ਐਮ ਯੂ ਦੇ ਮਹਾਂ ਮੰਤਰੀ ਕਾਮਰੇਡ ਸ਼ਿਵ ਗੋਪਾਲ ਮਿਸ਼ਰਾ ਨੇ ਸਾਰੇ ਹਾਜ਼ਰ ਕਾਮਿਆਂ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਫਿਰੋਜਪੁਰ ਮੰਡਲ ਦੇ ਕਰਮਚਾਰੀਆਂ ਦਾ ਹੌਸਲਾ ਵੇਖਦਿਆਂ ਲੱਗਦਾ ਹੈ ਕਿ ਰੇਲ ਪ੍ਰਸ਼ਾਸਨ ਅਤੇ ਕੇਂਦਰ ਸਰਕਾਰ ਨੂੰ ਸਾਡੀਆਂ ਮੰਗਾਂ ਮੰਨਣੀਆਂ ਹੀ ਪੈਣੀਆਂ ਹਨ। ਉਨ੍ਹਾਂ ਕਿਹਾ ਕਿ ਫਿਰੋਜਪੁਰ ਡਿਵੀਜ਼ਨ ਇੱਕ ਇਨਕਲਾਬੀ ਡਿਵੀਜ਼ਨ ਹੈ ਅਤੇ ਭਾਰਤੀ ਰੇਲ ਵਿੱਚ ਇਹਦੀ ਇੱਕ ਆਪਣੀ ਵਿਲੱਖਣ ਪਹਿਚਾਣ ਹੈ। ਇਸ ਮੌਕੇ ਬੋਲਦਿਆਂ ਕਾਮਰੇਡ ਮਿਸ਼ਰਾ ਨੇ ਕਿਹਾ ਕਿ ਫੈਡਰੇਸ਼ਨ ਨੇ ਕੇਂਦਰ ਸਰਕਾਰ ਨਾਲ ਆਰ—ਪਾਰ ਦੀ ਲੜਾਈ ਦਾ ਮੂੜ ਬਣਾ ਲਿਆ ਹੈ ਅਤੇ ਨਵੀਂ ਪੈਨਸ਼ਨ ਸਕੀਮ ਨੂੰ ਰੱਦ ਕਰਕੇ ਪੁਰਾਣੀ ਪੈਨਸ਼ਨ ਸਕੀਮ ਦੀ ਬਹਾਲੀ ਲਈ ਹੜਤਾਲ ਦਾ ਬਿਗਲ ਵੀ ਵਜਾਇਆ ਹੋਇਆ ਹੈ। ਉਨ੍ਹਾਂ ਦੱਸਿਆ ਕਿ ਪਿਛਲੇ ਕੱਲ ਜੇ.ਸੀ.ਐਮ ਅਤੇ ਸਟਾਫ ਸਾਈਡ ਦੀ ਮੀਟਿੰਗ ਵਿੱਚ ਪੁਰਾਣੀ ਪੈਨਸ਼ਨ ਦੀ ਬਹਾਲੀ ਲਈ ਆਸ਼ਾ ਦੀ ਕਿਰਨ ਜਾਗੀ ਹੈ ਅਤੇ ਸਰਕਾਰ ਨੇ ਥੋੜਾ ਸਮਾਂ ਮੰਗਿਆ ਹੈ, ਪ੍ਰੰਤੂ ਆਪਾਂ ਆਪਣਾ ਜੋਸ਼, ਹੋਸ਼ ਅਤੇ ਹੌਸਲਾ ਉਸੇ ਤਰ੍ਹਾਂ ਹੀ ਵਿਸ਼ਵਾਸ ਨਾਲ ਬਣਾ ਕੇ ਜਿੱਤ ਪ੍ਰਾਪਤ ਕਰਨੀ ਹੈ। ਫੈਡਰੇਸ਼ਨ ਇੱਕ ਇਤਿਹਾਸਕ ਫੈਸਲਾ ਰੇਲਵੇ ਵਿਭਾਗ ਅਤੇ ਭਾਰਤ ਸਰਕਾਰ ਤੋਂ ਕਰਾਕੇ ਰਹੇਗੀ। ਕਾਮਰੇਡ ਮਿਸ਼ਰਾ ਨੇ ਕਿਹਾ ਕਿ ਫਿਰੋਜਪੁਰ ਮੰਡਲ ਵਿੱਚ ਕੇਂਦਰ ਅਤੇ ਰੇਲ ਪ੍ਰਸ਼ਾਸਨ ਲਈ ਅਸੀਂ ਇੱਕ ਮੰਗ ਪੱਤਰ ਤਿਆਰ ਕਰਕੇ ਦੇ ਰਹੇ ਹਾਂ ਉਹ ਮੰਗਾਂ ਨੂੰ ਪੂਰਾ ਕਰਨ ਦਾ ਪ੍ਰਿਆਸ ਕਰਨਾ ਹੀ ਪਵੇਗਾ। ਕੇਂਦਰੀ ਸੀਨੀਅਰ ਵਾਈਸ ਪ੍ਰਧਾਨ ਕਾਮਰੇਡ ਪ੍ਰਵੀਨ ਕੁਮਾਰ ਨੇ ਕਿਹਾ ਕਿ ਅੱਜ ਫਿਰੋਜਪੁਰ ਡਿਵੀਜ਼ਨ ਨੇ ਇੱਕ ਵਾਰੀ ਫਿਰ ਇਹ ਸਾਬਤ ਕਰ ਦਿੱਤਾ ਹੈ ਕਿ ਹਰ ਜੁਲਮ ਦੀ ਲੜਾਈ ਵਿੱਚ ਡਿਵੀਜ਼ਨ ਫਿਰੋਜ਼ਪੁਰ ਅਗਲੀ ਲਾਈਨ ਚ ਖੜੀ ਹੋਵੇਗੀ। ਉਨ੍ਹਾਂ ਕਿਹਾ ਕਿ ਕੇਂਦਰ ਦੇ ਮਨਸੂਬੇ ਸਫਲ ਨਹੀਂ ਹੋਣ ਦਿੱਤੇ ਜਾਣਗੇ। ਆਲ ਇੰਡੀਆ ਰੇਲਵੇ ਪੈਨਸ਼ਨ ਵਲਫੇਅਰ ਸੋਸੀਏਸ਼ਨ ਦੇ ਮੰਡਲ ਸੈਕਟਰੀ ਅਤੇ ਐਕਸ ਕੇਂਦਰੀ ਸੀਨੀਅਰ ਵਾਈਸ ਪ੍ਰਧਾਨ ਕਾਮਰੇਡ ਗੁਰਦਿਆਲ ਦਾਸ ਨੇ ਵੀ ਆਪਣੇ ਭਾਸ਼ਣ ਵਿੱਚ ਕੇਂਦਰ ਅਤੇ ਮੰਡਲ ਦੀ ਲੀਡਰਸ਼ਿਪ ਨੂੰ ਵਿਸ਼ਵਾਸ ਦਵਾਇਆ ਕਿ ਰਿਟਾਇਰ ਪੈਨਸ਼ਨਰ ਐਸੋਸੀਏਸ਼ਨ ਹਰ ਲੜਾਈ ਵਿੱਚ ਤੁਹਾਡਾ ਸਾਥ ਦੇਵੇਗੀ। ਇਸ ਮੌਕੇ ਡੀ.ਆਰ.ਐਮ ਫਿਰੋਜ਼ਪੁਰ ਡਵੀਜ਼ਨ ਨੇ ਸਟੇਜ ਤੇ ਆ ਕੇ ਮੰਗ ਪੱਤਰ ਲਿਆ ਅਤੇ ਵਿਸ਼ਵਾਸ ਦਿੱਤਾ ਕਿ ਡਿਵੀਜ਼ਨ ਲੈਵਲ ਦੀਆਂ ਸਾਰੀਆਂ ਮੰਗਾਂ ਇੱਥੇ ਹੀ ਤੁਹਾਡੀਆਂ ਹੱਲ ਕਰ ਦਿੱਤੀਆਂ ਜਾਣਗੀਆਂ ਅਤੇ ਜਿਹੜੀਆਂ ਹੈਡ ਕੁਆਰਟਰ ਲੈਵਲ ਦੀਆਂ ਮੰਗਾਂ ਜੋ ਵੀ ਹਨ, ਉਨ੍ਹਾਂ ਹੱਲ ਕਰਵਾਉਣ ਲਈ ਵੀ ਉਨ੍ਹਾਂ ਯਕੀਨ ਦਵਾਇਆ। ਇਸ ਮੌਕੇ ਕੁਲਵਿੰਦਰ ਗਰੇਵਾਲ ਅਤੇ ਐਕਸ ਸੈਂਟਰਲ ਵਾਈਸ ਪ੍ਰਧਾਨ ਕਾਮਰੇਡ ਘਨਸ਼ਾਮ, ਸਿੰਘ, ਪੰਕਜ ਮਹਿਤਾ, ਅਸ਼ਵਨੀ ਕੁਮਾਰ, ਰਮੇਸ਼ ਭੱਲਾ, ਅਮਰ ਸਿੰਘ, ਸੰਨੀ ਰੰਜਨ, ਮਹਿੰਦਰ ਮੀਨਾ, ਬਲਰਾਜ ਸਿੰਘ, ਰਾਜੇਸ਼ ਛਹਾਰਤਾ, ਹਰਪਾਲ ਸਿੰਘ, ਈਸ਼ ਦੇਵਗਣ, ਕਿਸ਼ਨ ਚੰਦ ਜਾਗੋਵਾਲੀਆ, ਮਹਿੰਦਰ ਸਿੰਘ ਧਾਲੀਵਾਲ, ਬਲਬੀਰ ਸਿੰਘ ਕੰਬੋਜ, ਤਰਸੇਮ ਲਾਲ ਬੇਦੀ, ਡਾਕਟਰ ਪ੍ਰਦੀਪ ਰਾਣਾ ਨੇ ਵੀ ਹੁੰਕਾਰ ਰੈਲੀ ਨੂੰ ਸੰਬੋਧਨ ਕੀਤਾ ਅਤੇ ਕੇਂਦਰ ਸਰਕਾਰ ਰੇਲ ਪ੍ਰਸ਼ਾਸਨ ਦੀਆਂ ਮਜ਼ਦੂਰ ਵਿਰੋਧੀ ਨੀਤੀਆਂ ਦਾ ਡੱਟ ਕੇ ਵਿਰੋਧ ਕੀਤਾ।

### ਭਗਵੰਤ ਮਾਨ ਖਿਲਾਫ ਪਰਚਾ ਦਰਜ ਕਰਨ ਦੀ ਵਾਲਮੀਕ ਸਮਾਜ ਨੇ ਉਠਾਈ ਮੰਗ

# ਮੁੱਖ ਮੰਤਰੀ ਦੀ ਕੋਠੀ ਦਾ ਘਿਰਾਓ ਕਰਨ ਦਾ ਐਲਾਨ




ਫ਼ਿਰੋਜ਼ਪੁਰ, 16 ਮਾਰਚ (ਮਨੋਹਰ ਲਾਲ) :— ਵਿਧਾਨ ਸਭਾ ਸੈਸ਼ਨ ਵਿਚ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਵਲੋਂ ਦਲਿਤ ਸਮਾਜ ਦੇ ਵਿਧਾਇਕ ਨੂੰ ਬੋਲੇ ਅਪਸ਼ਬਦਾਂ ਵਿਰੁੱਧ ਸਮੂਹ ਵਾਲਮੀਕਿ ਸਮਾਜ ਦੀਆਂ ਵੱਖ ਵੱਖ ਜਥੇਬੰਦੀਆਂ ਵਲੋਂ ਇਕ ਮੰਚ ਤੇ ਇਕੱਠੇ ਹੋ ਕੇ ਐਕਸ਼ਨ ਕਮੇਟੀ ਪੰਜਾਬ ਦੇ ਸਰਪ੍ਰਸਤੀ ਅਤੇ ਰਿਜਰਵੇਸ਼ਨ ਪੱਕਾ ਮੋਰਚਾ ਦੀ ਕੋਰ ਕਮੇਟੀ ਦੇ ਮੈਂਬਰ ਸ਼ਾਮ ਲਾਲ ਭੰਗੀ ਦੀ ਅਗਵਾਈ ਹੇਠ ਸਤਲੁਜ ਪ੍ਰੈਸ ਕਲੱਬ ਫ਼ਿਰੋਜ਼ਪੁਰ ਵਿਖੇ ਕਾਨਫਰੰਸ ਕੀਤੀ ਗਈ। ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਬਿਨ੍ਹਾਂ ਦੇਰੀ ਮੁੱਖ ਮੰਤਰੀ ਭਗਵੰਤ ਮਾਨ ਵਿਰੁੱਧ ਪਰਚਾ ਦਰਜ ਕੀਤਾ ਜਾਵੇ ਅਤੇ ਸਮਾਜ ਵੱਲੋਂ ਮੁੱਖ ਮੰਤਰੀ ਦੀ ਕੋਠੀ ਦਾ ਜਲਦ ਘਿਰਾਓ ਕੀਤਾ ਜਾਵੇਗਾ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪ੍ਰਧਾਨ ਸ਼ਾਮ ਲਾਲ ਭੰਗੀ ਆਦਿ ਨੇ ਕਿਹਾ ਕਿ ਆਪ ਸਰਕਾਰ ਦਲਿਤ ਵਿਰੋਧੀ ਹੈ, ਕਿਉਂਕਿ ਸੂਚਿਤ ਜਾਤੀ ਦੇ ਜਾਅਲੀ ਸਰਟੀਫਿਕੇਟਾਂ ਵਿਰੁੱਧ ਚਲ ਰਹੇ ਪੱਕੇ ਮੋਰਚਾ ਵੱਲ ਸਰਕਾਰ ਦਾ ਬਿਲਕੁਲ ਵੀ ਧਿਆਨ ਨਹੀਂ। ਉਨ੍ਹਾਂ ਕਿਹਾ ਕਿ ਬਜ਼ਟ ਸੈਸ਼ਨ ਦੌਰਾਨ ਵੀ ਇਨ੍ਹਾਂ ਜਾਅਲੀ ਸਰਟੀਫਿਕੇਟ ਬਣਾਉਣ ਵਾਲਿਆਂ ਖ਼ਿਲਾਫ਼ ਕੋਈ ਸਖ਼ਤ ਕਾਰਵਾਈ ਦੇ ਨਿਰਦੇਸ਼ ਨਹੀਂ ਦਿੱਤੇ ਗਏ। ਸ੍ਰੀ ਸ਼ਾਮ ਲਾਲ ਨੇ ਆਖਿਆ ਕਿ ਸਰਕਾਰ ਨੇ ਗਾਇਕ ਅੰਮ੍ਰਿਤ ਮਾਨ ਦੇ ਪਿਤਾ ਖਿਲਾਫ ਕਾਰਵਾਈ ਕਰਨ ਚ ਢਿੱਲ ਵਰਤੀ ਹੈ, ਜਿਸ ਕਾਰਨ ਗਾਇਕ ਅੰਮ੍ਰਿਤ ਮਾਨ ਦਾ ਪਿਤਾ ਵਿਦੇਸ਼ ਭੱਜਣ ਚ ਕਾਮਯਾਬ ਹੋ ਗਿਆ। ਆਗੂਆਂ ਨੇ ਕਿਹਾ ਕਿ ਦਲਿਤ ਉਪ ਮੁੱਖ ਮੰਤਰੀ ਦਾ ਝੂਠਾ ਲਾਰਾ ਲਾ ਕੇ ਪੰਜਾਬ ਦੀ ਸੱਤਾ ਵਿਚ ਕਾਬਜ ਹੋਈ ਭਗਵੰਤ ਸਰਕਾਰ ਨੇ ਹਮੇਸ਼ਾਂ ਦਲਿਤ ਵਰਗ ਦੇ ਹਿਰਦਿਆਂ ਨੂੰ ਠੇਸ ਪਹੁੰਚਾਈ ਹੈ, ਜਿਸਦੀ ਤਾਜ਼ਾ ਮਿਸਾਲ ਵਿਧਾਨ ਸਭਾ ਵਿਚ ਆਦਮਪੁਰ ਦੇ ਦਲਿਤ ਵਿਧਾਇਕ ਵਲੋਂ ਮੁੱਖ ਮੰਤਰੀ ਭਗਵੰਤ ਮਾਨ ਪਾਸੋਂ ਦਲਿਤ ਉਪ ਮੁਖ ਮੰਤਰੀ ਦਾ ਵਾਅਦਾ ਪੂਰਾ ਕਰਨ ਬਾਰੇ ਪੁੱਛਿਆ ਤਾਂ ਮੁੱਖ ਮੰਤਰੀ ਭਗਵੰਤ ਮਾਨ ਨੇ ਆਪਣੀ ਦਲਿਤ ਵਿਰੋਧੀ ਮਾਨਸਿਕਤਾ ਦਿਖਾਉਂਦਿਆਂ ਦਲਿਤ ਵਿਧਾਇਕ ਕੋਟਲੀ ਨੂੰ ਅਪਸਬਦ ਬੋਲਦਿਆਂ ਕਿਹਾ ਕਿ ਇਹਨੂੰ ਦੌਰਾ ਪੈ ਗਿਆ ਹੈ, ਕੋਈ ਇਹਨੂੰ ਜੁੱਤੀ ਸੁੰਘਾਓ। ਵਾਲਮੀਕਿਨ ਸਮਾਜ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਵਿਚ ਦਲਿਤ ਵੋਟ ਦੀ ਪ੍ਰਤੀਸ਼ਤਾ ਸਭ ਤੋਂ ਵੱਧ ਹੈ, ਉਸ ਹਿਸਾਬ ਨਾਲ ਮੁੱਖ ਮੰਤਰੀ ਹੀ ਸਾਡਾ ਹੋਣਾ ਚਾਹੀਦਾ, ਪਰ ਭਗਵੰਤ ਮਾਨ ਵਲੋਂ ਵਰਤੇ ਅਪਸ਼ਬਦਾਂ ਵਿਰੁੱਧ ਅਸੀਂ ਆਪਣਾ ਸੰਘਰਸ਼ ਸ਼ੁਰੂ ਕਰ ਦਿੱਤਾ, ਜਿਸ ਸੰਬੰਧੀ ਮੁੱਖ ਮੰਤਰੀ ਵਿਰੁੱਧ ਐਸ.ਸੀ. ਐਸ.ਟੀ ਐਕਟ ਤਹਿਤ ਮੁਕਦਮਾ ਦਰਜ਼ ਕਰਵਾਉਣ ਲਈ ਦਲਿਤ ਜਥੇਬੰਦੀਆਂ ਤੇ ਅਧਾਰਿਤ ਲਈ ਐਸ.ਸੀ. ਸਮਾਜ ਦਾ ਮਾਨ ਸਨਮਾਨ ਬਹਾਲ ਕਰਾਓ ਐਕਸ਼ਨ ਕਮੇਟੀ ਦੇ ਬੈਨਰ ਹੇਠ ਰਾਜ ਭਵਨ ਚੰਡੀਗੜ੍ਹ ਵਿਖੇ ਰਾਜਪਾਲ ਬਨਵਾਰੀ ਲਾਲ ਪ੍ਰੋਹਿਤ ਨੂੰ ਮਿਲ ਕੇ ਮੰਗ ਪੱਤਰ ਦਿਤਾ ਗਿਆ ਹੈ, ਜਿਸ ਤੇ ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਇਸ ਸਬੰਧੀ ਜਲਦ ਕਾਰਵਾਈ ਅਮਲ ਚ ਲਿਆਂਦੀ ਜਾਵੇਗੀ। ਆਗੂਆ ਨੇ ਕਿਹਾ ਕਿ ਭਗਵੰਤ ਮਾਨ ਵਲੋਂ ਦਲਿਤ ਸਮਾਜ ਨੂੰ ਅਪਸ਼ਬਦ ਬੋਲੇ ਗਏ, ਜਿਸ ਵਿਰੁੱਧ ਕਿਸੇ ਵੀ ਪਾਰਟੀ ਦੇ ਆਗੂਆਂ ਵਲੋਂ ਕੋਈ ਬਿਆਨ ਨਹੀਂ ਆਇਆ, ਜਿਸ ਦਾ ਦਲਿਤ ਸਮਾਜ ਦੇ ਵਿਚ ਭਾਰੀ ਰੋਸ ਹੈ। ਉਨ੍ਹਾਂ ਮੰਗ ਕੀਤੀ ਕਿ ਕੇਜਰੀਵਾਲ ਸਰਕਾਰ ਅਪਸ਼ਬਦ ਬੋਲਣ ਵਾਲੇ ਭਗਵੰਤ ਮਾਨ ਤੋਂ ਮੁਖ ਮੰਤਰੀ ਪਦ ਤੋਂ ਅਸਤੀਫਾ ਲਵੇ। ਪੰਜਾਬ ਵਿਚ ਦਲਿਤ ਮੁੱਖ ਮੰਤਰੀ ਜਾਂ ਉਪ ਮੁਖ ਮੰਤਰੀ ਨਿਯੁਕਤ ਕੀਤਾ ਜਾਵੇ, ਲੋਕ ਸਭਾ ਚੋਣਾਂ ਵਿਚ ਵਾਲਮੀਕੀ ਸਮਾਜ ਦੇ ਆਗੂਆਂ ਨੂੰ ਵੀ ਟਿਕਟਾਂ ਦਿੱਤੀਆਂ ਜਾਣ। ਇਸ ਮੌਕੇ ਮੁਕੇਸ਼ ਮੇਘਨਾਥ, ਦੀਪ ਰਾਵਣ ਸੈਨਾ, ਵਿਜੇ ਅਟਵਾਲ, ਵਿਨੋਦ ਘਾਰੂ, ਮਿਥੁਨ ਸੰਧੂ, ਅਰੁਣ ਵਾਲਮੀਕ ਯੂਥ ਫੈਡਰੇਸ਼ਨ, ਅਸ਼ੋਕ ਅਟਵਾਲ ਬਿੰਦਰ ਭੱਟੀ ਆਦਿ ਹਾਜ਼ਰ ਸਨ।

# ਪਿੰਡ ਆਰਿਫਕੇ ਵਿਖੇ 6 ਜੂਨ 1984 ਦੇ ਸ਼ਹੀਦ ਭਾਈ ਰਸਾਲ ਸਿੰਘ ਦੀ ਸ਼ਹੀਦੀ ਸਮਾਗਮ 22 ਮਾਰਚ ਨੂੰ ਮਨਾਈ ਜਾਵੇਗੀ—ਭਾਈ ਗੁਰਨਾਮ ਸਿੰਘ ਬੰਡਾਲਾ



ਫ਼ਿਰੋਜ਼ਪੁਰ, 16 ਮਾਰਚ (ਮਨੋਹਰ ਲਾਲ) :— ਪਿੰਡ ਆਰਿਫਕੇ ਵਿਖੇ 6 ਜੂਨ 1984 ਦੇ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਦੀ ਸ਼ਹੀਦੀ ਸਮਾਗਮ ਉਨ੍ਹਾਂ ਦੇ ਸਪੁੱਤਰ ਬਾਬਾ ਨਿਰਮਲ ਸਿੰਘ ਆਰਿਫਕੇ ਦੇ ਗ੍ਰਹਿ ਵਿਖੇ ਮਨਾਈ ਜਾਵੇਗੀ। ਇਹ ਜਾਣਕਾਰੀ ਸਾਂਝੀ ਕਰਦਿਆਂ ਜਥੇਦਾਰ ਭਾਈ ਗੁਰਨਾਮ ਸਿੰਘ ਬੰਡਾਲਾ ਦਮਦਮੀ ਟਕਸਾਲ ਨੇ ਦੱਸਿਆ ਕਿ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਇਕ ਕੌਮੀ ਯੋਧਾ ਸੀ, ਜਿਸ ਨੇ ਸਾਕਾ ਨੀਲਾ ਤਾਰਾ 6 ਜੂਨ 1984 ਨੂੰ ਪਾਵਨ ਅਸਥਾਨ ਸ੍ਰੀ ਹਰਿਮੰਦਰ ਸਾਹਿਬ ਦੀ ਪਵਿੱਤਰਤਾ ਲਈ ਜੂਝਦੇ ਹੋਏ ਸ਼ਹੀਦੀ ਜਾਮਾ ਪੀ ਗਏ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿਚ ਰਾਗੀ, ਢਾਡੀ, ਕਥਾਵਾਚਕ ਜਥਿਆਂ ਤੋਂ ਇਲਾਵਾ ਸਿੱਖ ਕੌਮ ਦੇ ਮਹਾਂਪੁਰਸ਼, ਧਾਰਮਿਕ ਜਥੇਬੰਦੀਆਂ ਦੇ ਆਗੂ ਸ੍ਰੀਮਾਨ ਸੰਤ ਬਾਬਾ ਅਵਤਾਰ ਸਿੰਘ ਜੀ ਦਲ ਬਾਬਾ ਬਿਧੀ ਚੰਦ ਜੀ ਛੀਨਾ ਗੁਰੂ ਕਾ ਸੀਨਾ ਮੁਖੀ ਸੁਰ ਸਿੰਘ ਵਾਲੇ, ਬਾਬਾ ਸ਼ਿੰਦਰ ਸਿੰਘ ਫਤਹਿਗੜ੍ਹ ਸਭਰਾਵਾਂ ਵਾਲੇ, ਸਿੰਘ ਸਾਹਿਬ ਭਾਈ ਜ਼ਸਵੀਰ ਸਿੰਘ ਰੋਡੇ ਸਾਬਕਾ ਜਥੇਦਾਰ ਸ੍ਰੀ ਅਕਾਲ ਤਖਤ ਸਾਹਿਬ ਅਤੇ ਸਰਪ੍ਰਸਤ ਇੰਟਰਨੈਸ਼ਨਲ ਪੰਥਕ ਦਲ ਅਤੇ ਦਾਸ ਭਾਈ ਗੁਰਨਾਮ ਸਿੰਘ ਬੰਡਾਲਾ ਦਮਦਮੀ ਟਕਸਾਲ, ਭਾਈ ਸੁਖਦੇਵ ਸਿੰਘ ਮੁੱਖ ਬੁਲਾਰਾ ਦਮਦਮੀ ਟਕਸਾਲ, ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਪ੍ਰਧਾਨ ਸਿੱਖ ਯੂਥ ਫੈਡਰੇਸ਼ਨ ਭਿੰਡਰਾਂ ਵਾਲਾ, ਬਾਬਾ ਸੱਜਣ ਸਿੰਘ ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ, ਗਿਆਨੀ ਸੁਖਦੇਵ ਸਿੰਘ ਖਾਲਸਾ ਬੁਕਣ ਖਾਂ ਵਾਲੇ ਦਮਦਮੀ ਟਕਸਾਲ, ਭਾਈ ਲਖਬੀਰ ਸਿੰਘ ਮਹਾਲਮ ਪ੍ਰਧਾਨ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ ਕਮੇਟੀ, ਭਾਈ ਕ੍ਰਿਪਾਲ ਸਿੰਘ ਚੱਬਾ, ਜਥੇਦਾਰ ਪਰਗਟ ਸਿੰਘ ਵਾਹਕਾ, ਭਾਈ ਤੇਜਿੰਦਰ ਸਿੰਘ ਦਿਉਲ ਪੰਜਾਬ ਪ੍ਰਧਾਨ ਯੂਥ ਸ਼੍ਰੋਮਣੀ ਅਕਾਲੀ ਦਲ ਮਾਨ, ਦਲਜੀਤ ਸਿੰਘ ਮਹਾਲਮ ਪ੍ਰਧਾਨ ਸਾਈ ਮੀਆਂ ਮੀਰ ਫਾਊਡੇਸ਼ਨ, ਸੁਖਜਿੰਦਰ ਸਿੰਘ ਪ੍ਰਧਾਨ ਆਰਿਫਕੇ ਤੋਂ ਇਲਾਵਾ ਹੋਰ ਵੀ ਬਹੁਤ ਸਾਰੇ ਆਗੂ ਪਹੁੰਚੇ ਰਹੇ ਹਨ। ਇਸ ਮੌਕੇ ਤੇ ਨਿਹੰਗ ਸਿੰਘਾਂ ਵੱਲੋਂ ਗਤਕੇ ਦੇ ਜ਼ੌਹਰ ਵਿਖਾਏ ਜਾਣਗੇ। ਜਥੇਦਾਰ ਭਾਈ ਗੁਰਨਾਮ ਸਿੰਘ ਬੰਡਾਲਾ ਨੇ ਸਮੂਹ ਜਥੇਬੰਦੀਆਂ ਦੇ ਆਗੂ, ਧਾਰਮਿਕ ਆਗੂਆਂ, ਪੰਥਕ ਹਿਤੈਸ਼ੀਆਂ ਨੂੰ ਅਤੇ ਸੰਗਤਾਂ ਨੂੰ ਅਪੀਲ ਕੀਤੀ ਕਿ ਉਹ 6 ਜੂਨ 1984 ਦੇ ਸ਼ਹੀਦ ਭਾਈ ਰਸਾਲ ਸਿੰਘ ਆਰਿਫਕੇ ਦੇ ਗ੍ਰਹਿ ਵਿਖੇ 22 ਮਾਰਚ ਦਿਨ ਸ਼ੁਕਰਵਾਰ 2024 ਨੂੰ ਪਹੁੰਚ ਕੇ ਆਏ ਹੋਏ ਮਹਾਂਪੁਰਸ਼ਾਂ ਦੇ ਵਿਚਾਰ ਸੁਣ ਕੇ ਸ਼ਹੀਦ ਭਾਈ ਰਸਾਲ ਸਿੰਘ ਆਰਿਫ ਕੇ ਨੂੰ ਸ਼ਰਧਾ ਦੇ ਫੁੱਲ ਭੇਂਟ ਕਰੀਏ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ। ਉਨ੍ਹਾਂ ਦਾ ਨੰਬਰ 9914873799 ਅਤੇ 7526932425 ਹੈ, ਜਿਸ ਤੇ ਸੰਗਤਾਂ ਸੰਪਰਕ ਕਰ ਸਕਦੀਆਂ ਹਨ।

## ਪਿੰਡ ਝੋਕ ਮੋਹੜੇ ਗੁਰਦੁਆਰਾ ਸ੍ਰੀ ਗੁਰੂ ਨਾਨਕ ਸੰਗਤ ਸਾਹਿਬ ਬਰਾਂਚ ਦਮਦਮੀ ਟਕਸਾਲ ਮਹਿਤਾ ਵਿਖੇ ਮਹਾਂ ਪੁਰਖਾਂ ਦੀ ਮਿੱਠੀ ਯਾਦ ਵਿਚ ਸਲਾਨਾ ਮਹਾਨ ਗੁਰਮਤਿ ਸਮਾਗਮ 19, 20 ਮਾਰਚ ਨੂੰ—ਭਾਈ ਰਛਪਾਲ ਸਿੰਘ, ਵੀਰਪਾਲ ਸਿੰਘ

**ਫ਼ਿਰੋਜ਼ਪੁਰ, 16 ਮਾਰਚ (ਮਨੋਹਰ ਲਾਲ) :—**ਪਿੰਡ ਝੋਕ ਮੋਹੜੇ ਫ਼ਿਰੋਜ਼ਪੁਰ ਦੇ ਗੁਰਦੁਆਰਾ ਸ੍ਰੀ ਗੁਰੂ ਨਾਨਕ





ਸਾਹਿਬ ਬਰਾਂਚ ਦਮਦਮੀ ਟਕਸਾਲ (ਮਹਿਤਾ) ਵਿਖੇ ਸੰਤ ਬਾਬਾ ਠਾਕੁਰ ਸਿੰਘ ਜੀ, ਸੰਤ ਬਾਬਾ ਕੁੰਦਨ ਸਿੰਘ, ਸੰਤ ਬਾਬਾ ਗੁਰਬਖਸ਼ ਸਿੰਘ ਜੈਲਦਾਰ ਅਤੇ ਹੋਰ ਅਨੇਕਾਂ ਮਹਾਂਪੁਰਖਾਂ ਦੀ ਮਿੱਠੀ ਯਾਦ ਵਿਚ ਸਲਾਨਾ ਮਹਾਨ ਗੁਰਮਤਿ ਸਮਾਗਮ 19 ਮਾਰਚ ਨੂੰ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰਬੰਧਕਾਂ ਨੇ ਦੱਸਿਆ ਕਿ 19 ਮਾਰਚ ਨੂੰ ਸਮਾਗਮ ਅਤੇ 20 ਮਾਰਚ ਨੂੰ ਅੰਮ੍ਰਿਤ ਸੰਚਾਰ ਕਰਵਾਇਆ ਜਾਵੇਗਾ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਵੀਰਪਾਲ ਸਿੰਘ ਅਤੇ ਭਾਈ ਰਛਪਾਲ ਸਿੰਘ ਨੇ ਦੱਸਿਆ ਕਿ ਇਸ ਸਬੰਧ ਵਿਚ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ, ਭੋਗ ਉਪਰੰਤ ਦੀਵਾਨ ਸਜਾਏ ਜਾਣਗੇ, ਜਿਸ ਵਿਚ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ (ਪ੍ਰਧਾਨ ਸੰਤ ਸਮਾਜ) ਵਿਸ਼ੇਸ਼ ਤੌਰ ਤੇ ਹਾਜ਼ਰੀ ਭਰਨਗੇ ਅਤੇ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਤੋਂ ਇਲਾਵਾ ਗਿਆਨੀ ਜੀਵਾ ਸਿੰਘ ਦਮਦਮੀ ਟਕਸਾਲ, ਰਾਗੀ ਨਿਰਭੈ ਸਿੰਘ ਹਜ਼ੂਰੀ ਰਾਗੀ ਤਖਤ ਸ੍ਰੀ ਦਮਦਮਾ ਸਾਹਿਬ, ਰਾਗੀ ਸੁਖਜੀਤ ਸਿੰਘ ਖਾਲਸਾ (ਫ਼ਿਰੋਜ਼ਪੁਰ ਵਾਲੇ) ਕਥਾ ਕੀਰਤਨ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ। ਪ੍ਰਿੰਸੀਪਲ ਮੈਡਮ ਜ਼ਸਪ੍ਰੀਤ ਕੌਰ, ਵੀਰਪਾਲ ਸਿੰਘ ਅਤੇ ਭਾਈ ਰਛਪਾਲ ਸਿੰਘ ਨੇ ਸਮੂਹ ਇਲਾਕੇ ਭਰ ਦੀਆਂ ਸੰਗਤਾਂ ਅੱਗੇ ਬੇਨਤੀ ਕੀਤੀ ਕਿ ਉਹ ਪਰਿਵਾਰਾਂ ਸਮੇਤ ਹਾਜ਼ਰੀ ਭਰ ਕੇ ਗੁਰੂ ਘਰ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਅਤੇ ਵੱਧ ਤੋਂ ਵੱਧ ਅੰਮ੍ਰਿਤ ਛਕ ਕੇ ਕਲਗੀਧਰ ਦਸਮੇਸ਼ ਪਿਤਾ ਦੇ ਪੁੱਤਰ ਧੀਆਂ ਬਣੋ। ਇਸ ਮੌਕੇ ਤੇ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।

## ਗੁਰਧਾਮਾਂ ਦੇ ਦਰਸ਼ਨਾਂ ਲਈ ਜਾਣ ਵਾਲੀ ਸੰਗਤ ਦੇ ਹਿੱਤ ਵਿਚ ਲਹਿੰਦੇ ਪੰਜਾਬ ਦੀ ਮੁੱਖ ਮੰਤਰੀ ਨੇ ਲਿਆ ਨਿਰਣਾ ਸ਼ਲਾਘਾਯੋਗ—ਹਰਪਾਲ ਸਿੰਘ ਭੁੱਲਰ



ਫ਼ਿਰੋਜ਼ਪੁਰ, 16 ਮਾਰਚ (ਮਨੋਹਰ ਲਾਲ) :— ਲਹਿੰਦੇ ਪੰਜਾਬ ਦੀ ਮੁੱਖ ਮੰਤਰੀ ਮਰੀਅਮ ਨਵਾਜ ਨੇ ਪਾਕਿ ਵਿਖੇ ਰਹਿ ਗਏ ਗੁਰਦੁਆਰਾ ਸਾਹਿਬਾਨ ਦੀ ਨਿਗਰਾਨੀ ਕਰਨ ਲਈ ਇਕ ਕਮੇਟੀ ਬਣਾਉਣ ਦਾ ਫੈਸਲਾ ਕੀਤਾ ਹੈ, ਪਾਕਿ ਦੇ ਗੁਰਦੁਆਰਾ ਸਾਹਿਬਾਨ ਦੁਨੀਆਂ ਭਰ ਦੇ ਸਿੱਖਾਂ ਦਾ ਸਾਂਝਾ ਮਸਲਾ ਹੈ, ਭਾਈ ਮਰਦਾਨਾ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ, ਜਨਰਲ ਸਕੱਤਰ ਸਰਬਜੀਤ ਸਿੰਘ ਛਾਬੜਾ, ਮੀਤ ਪ੍ਰਧਾਨ ਸੋਹਨ ਸਿੰਘ, ਸਵਰਨ ਸਿੰਘ, ਹਰਜੀਤ ਸਿੰਘ ਧਾਲੀਵਾਲ ਨੇ ਇਕ ਸਾਂਝੇ ਬਿਆਨ ਵਿਚ ਆਖਿਆ ਕਿ ਅਸੀਂ ਮਰੀਅਮ ਨਵਾਜ ਸਰੀਫ ਦੇ ਬੜੇ ਹੀ ਧੰਨਵਾਦੀ ਹਾਂ, ਜਿਨ੍ਹਾਂ ਸਿੱਖਾਂ ਦੇ ਗੁਰਧਾਮਾਂ ਦੀ ਆਵਾਜ ਉਠਾਈ ਹੈ। ਇਹ ਪਹਿਲੀ ਵਾਰ ਹੈ ਭਾਈ ਮਰਦਾਨਾ ਸੁਸਾਇਟੀ ਵਿਸਾਖੀ ਮੌਕੇ ਮਰੀਅਮ ਅਤੇ ਰਮੇਸ਼ ਘਰੋੜੇ ਦਾ ਵਿਸ਼ੇਸ਼ ਸਨਮਾਨ ਕਰੇਗੀ, ਪਾਕਿ ਜਾਣ ਵਾਲੇ ਸਿੱਖ ਜਥੇ ਸਪੈਸ਼ਲ ਟਰੇਨਾਂ ਰਾਹੀਂ ਭੇਜਿਆ ਕਰਨ, ਬਜ਼ੁਰਗਾਂ ਅਤੇ ਅਪਾਹਜ ਬੱਸਾਂ ਵਿਚ ਸਫਰ ਕਰਨ ਵਿਚ ਬੜੇ ਔਖੇ ਹੁੰਦੇ ਹਨ, ਟਰੇਨ ਵਿਚ ਪੈਸ਼ਾਬ ਕਰਨ ਵਿਚ ਕੋਈ ਮੁਸ਼ਿਕਲ ਨਹੀਂ ਹੁੰਦੀ, ਕਰਤਾਰਪੁਰ ਸਾਹਿਬ ਦੇ ਦਰਸ਼ਨਾਂ ਲਈ 10 ਡਾਲਰ ਫੀਸ ਰੱਖੀ ਜਾਵੇ ਅਤੇ ਆਧਾਰ ਕਾਰਡ ਦੇ ਯਾਤਰਾ ਦੀ ਮਨਜ਼ੂਰੀ ਦਿੱਤੀ ਜਾਵੇ, ਜਥੇ ਨੂੰ ਰਾਤ ਰਹਿਨ ਦੀ ਆਗਿਆ ਦਿੱਤੀ ਜਾਵੇ, ਜਿੰਨੀ ਕੋਈ ਮਾਇਆ ਚੜਾਉਂਦਾ ਹੈ, ਉਸਦੀ ਰਸੀਦ ਕੱਟ ਕੇ ਨਹੀਂ ਦਿੱਤੀ ਜਾਂਦੀ, ਉਸ ਦੀ ਰਸੀਦ ਕੱਟ ਕੇ ਦਿੱਤੀ ਜਾਵੇ। ਪਾਕਿ ਗੁਰਧਾਮਾਂ ਦੇ ਡਾਇਰੀਆ ਕਲਡਰ ਛਪਵਾ ਕੇ ਸੰਗਤਾਂ ਵਿਚ ਜਿਵੇਂ ਪਹਿਲਾਂ ਵੰਡੇ ਜਾਂਦੇ ਹਨ, ਉਹ ਹੁਣ ਵੀ ਵੰਡੇ ਜਾਣ। ਭਾਈ ਮਰਦਾਨਾ ਜੀ ਗੁਰੂ ਨਾਨਕ ਸਾਹਿਬ ਜੀ ਦੇ 54 ਸਾਲ ਸਾਥੀ ਰਹੇ ਹਨ, ਉਨ੍ਹਾਂ ਦਾ ਜਨਮ ਵੀ ਨਨਕਾਣਾ ਸਾਹਿਬ ਵਿਚ ਹੋਇਆ ਹੈ, ਉਕਾਫ ਦੇ ਚੇਅਰਮੈਨ ਜੀ ਨੇ ਉਨ੍ਹਾਂ ਦੇ ਜਨਮ ਅਸਥਾਨ ਦਾ ਨੀਂਹ ਪੱਥਰ ਵੀ ਰੱਖਿਆ ਸੀ, ਉਹ ਅਸਥਾਨ ਨੂੰ ਬਣਾਪਇਆ ਜਾਵੇ, ਇਹ ਸਮੂਹ ਸਿੱਖ ਸੰਗਤਾਂ ਦੀ ਮੰਗ ਹੈ ਜੀ।

### ਡਾ:ਵਿਜੈ ਸਤਬੀਰ ਸਿੰਘ ਵੱਲੋਂ ਸੱਚਖੰਡ ਪਬਲਿਕ ਸਕੂਲ ਦੇ

# ਵਿਦਿਆਰੀਆਂ ਵਾਸਤੇ ਲਾਇਬ੍ਰੇਰੀ ਦਾ ਕੀਤਾ ਉਦਾਘਟਨ

**ਚੌਕ ਮਹਿਤਾ,16 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਗੁਰਦੁਆਰਾ ਬੋਰਡ ਤਖਤ ਸੱਚਖੰਡ ਸ੍ਰੀ ਹਜ਼ੂਰ ਅਬਿਚਲਨਗਰ ਸਾਹਿਬ ਨਾਂਦੇੜ ਦੇ ਮੁੱਖ ਪ੍ਰਬੰਧਕ ਡਾ. ਵਿਜੇ ਸਤਬੀਰ ਸਿੰਘ ਸਾਬਕਾ ਆਈ.ਏ.ਐਸ. ਵਲੋਂ ਸੱਚਖੰਡ ਪਬਲਿਕ ਸਕੂਲ ਵਿੱਚ ਵਿਦਿਆਰਥੀਆਂ ਲਈ ਸਟੂਡੈਂਟ ਲਾਇਬ੍ਰੇਰੀ ਦਾ ਉਦਘਾਟਨ ਕੀਤਾ ਗਿਆ। ਇਸ ਲਾਇਬ੍ਰੇਰੀ ਤੋਂ ਇਨ੍ਹਾਂ ਵਿਦਿਆਰਥੀਆਂ ਨੂੰ ਬਹੁਤ ਭਾਰੀ ਲਾਭ ਪ੍ਰਾਪਤ ਹੋਵੇਗਾ ਜਾਣਕਾਰੀ ਦਿੰਦਿਆਂ ਸ੍ਰ ਰਾਜਦਵਿੰਦਰ ਸਿੰਘ ਸੁਪਰਡੈਂਟ ਗੁਰਦੁਆਰਾ



ਸੱਚਖੰਡ ਬੋਰਡ ਨੇ ਦੱਸਿਆ ਕਿ ਸਕੂਲ ਵਿੱਚ ਪੜ੍ਹਾਈ ਕਰ ਰਹੇ ਵਿਦਿਆਰਥੀਆਂ ਨੂੰ ਪਹਿਲੀ ਤੋਂ ਲੈ ਦਸਵੀਂ ਕਲਾਸ ਤੱਕ ਸਾਰੀਆਂ ਕਿਤਾਬਾਂ ਦੇ ਨਾਲ ਨਾਲ ਜਨਰਲ ਨਾਲਿਜ, ਮੈਥ, ਸੋਸਿਲ ਸਾਇੰਸ ਆਦਿ ਸੰਬੰਧਤ ਕਿਤਾਬਾਂ ਮੁਹੱਈਆਂ ਹੋਣਗੀਆਂ ਯਾਦ ਰਹੇ ਕਿ ਸੱਚਖੰਡ ਪਬਲਿਕ ਸਕੂਲ ਦੇ ਵਿਦਿਆਰਥੀ ਪਿਛਲੇ ਦਿਨੀਂ ਬੰਗਲੌਰ ਈਸਰੋ ਟੂਰ ਤੇ ਜਾਕੇ ਆਏ ਹਨ ਜਿਸ ਨਾਲ ਉਨ੍ਹਾਂ ਦੇ ਮਨੋਬਲ ਵਿੱਚ ਹੋਰ ਵੀ ਵਾਧਾ ਹੋਇਆ ਹੈ ਡਾ. ਵਿਜੇ ਸਤਬੀਰ ਸਿੰਘ ਜੀ ਨੇ ਇਹ ਵੀ ਦੱਸਿਆ ਕਿ ਜਿਥੇ ਅੱਠਵੀਂ, ਨੌਵੀਂ, ਦਸਵੀਂ ਕਲਾਸ ਦੇ ਬੱਚਿਆਂ ਨੂੰ ਫਰੀ ਟਿਊਸ਼ਨ ਮੁਹੱਈਆ ਕਰਵਾਈ ਜਾ ਰਹੀ ਹੈ, ਉਥੇ ਹੁਣ ਸਟੂਡੈਂਟ ਲਾਇਬ੍ਰੇਰੀ ਵਿੱਚ ਯੂ.ਪੀ.ਐਸ.ਸੀ. ਜਾਂ ਸਿਵਲ ਸਰਵਿਸ ਦੀ ਤਿਆਰੀ ਨਾਲ ਸੰਬੰਧਤ ਕਿਤਾਬਾਂ ਵੀ ਉਪਲੱਬਧ ਕਰਵਾਈਆਂ ਜਾਣਗੀਆਂ। ਇਸ ਨਾਲ ਸ੍ਰੀ ਹਜ਼ੂਰ ਸਾਹਿਬ ਦੀ ਸਮੁੱਚੀ ਨੌਜਵਾਨ ਪੀੜ੍ਹੀ ਨੂੰ ਪੂਰਨ ਲਾਭ ਮਿਲੇਗਾ ਇਸ ਮੌਕੇ ਉਨ੍ਹਾਂ ਦੇ ਨਾਲ ਸ੍ਰ: ਜਸਵੰਤ ਸਿੰਘ ਬੌਬੀ, ਸ੍ਰ: ਠਾਨ ਸਿੰਘ ਬੁੰਗਈ ਸੁਪਰਡੈਂਟ, ਸ੍ਰ: ਜੈਮਲ ਸਿੰਘ ਢਿੱਲੋਂ ਪੀ.ਏ. ਸਹਾ.ਸੁਪਰਡੈਂਟ, ਮੈਡਮ ਅਨਿੱਲ ਕੌਰ ਖਾਲਸਾ-ਪ੍ਰਿੰਸੀਪਲ ਸੱਚਖੰਡ ਪਬਲਿਕ ਸਕੂਲ ਆਦਿ ਹਾਜ਼ਰ ਸਨ।

### ਤੂਫਾਨੀ ਦੌਰੇ ਦੌਰਾਨ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਨੂੰ ਪਿੰਡ ਤਾਰਾਗੜ੍ਹ ਵਾਸੀਆਂ ਨੇ

# ਪਿੰਡ ਨੂੰ ਆ ਰਹੀਆਂ ਦਰਵੇਸ਼ ਮੁਸ਼ਕਲਾਂ ਸਬੰਧੀ ਮੰਗ ਪੱਤਰ ਦਿੱਤਾ

**ਜੰਡਿਆਲਾ ਗੁਰੂ, 16 ਮਾਰਚ ( ਕੁਲਵੰਤ ਸਿੰਘ ਵਿਰਦੀ)**-ਬੀਤੇ ਦਿਨ ਹਲਕਾ ਜੰਡਿਆਲਾ ਦੇ ਅਧੀਨ ਆਉਂਦੇ ਪਿੰਡ ਤਾਰਾਗੜ੍ਹ ਵਿਖੇ ਹਲਕੇ ਦੇ ਵਿਧਾਇਕ ਅਤੇ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਵੱਲੋਂ ਤੂਫ਼ਾਨੀ ਦੌਰੇ ਦੌਰਾਨ ਬਜ਼ਾਰਾਂ ਦਾ ਉਦਘਾਟਨ ਕੀਤਾ ਗਿਆ ਇਸ ਮੌਕੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਜਗਮੋਹਨ ਸਿੰਘ, ਆਗੂ ਮੋਨੂੰ, ਡਾਕਟਰ ਭੁਪਿੰਦਰ ਸਿੰਘ, ਬਲਦੇਵ ਸਿੰਘ ਰੇਲਵੇ ਵਾਲੇ, ਸਾਬਕਾ ਸਰਪੰਚ ਦਿਲਬਾਗ ਸਿੰਘ, ਮਾਸਟਰ ਜੋਗਿੰਦਰ ਸਿੰਘ, ਦਲਜੀਤ ਸਿੰਘ ਗੋਲਡੀ, ਕਵਲਜੀਤ ਸਿੰਘ ਝੰਡ, ਮਨਦੀਪ ਸਿੰਘ ਝੰਡ, ਪ੍ਰਿਥੀਪਾਲ ਸਿੰਘ ਗੋਲਡੀ, ਹਰਦੀਪ ਸਿੰਘ ਸੋਨਾ ਝੰਡ, ਸਾਬਕਾ ਪੰਚਾਇਤ ਮੈਂਬਰ ਬਲਦੇਵ ਸਿੰਘ ਪੱਪੂ ਆਦਿ ਪਿੰਡ ਵਾਸੀਆਂ ਵੱਲੋਂ ਕੈਬਨਿਟ ਮੰਤਰੀ ਸ੍ਰ ਹਰਭਜਨ ਸਿੰਘ ਈ ਟੀ ਓ ਜੀ ਨੂੰ ਹਾਰ ਪਾ ਕਿ ਜੀ ਆਇਆਂ ਆਖਿਆ ਅਤੇ ਪਿੰਡ ਤਾਰਾਗੜ੍ਹ ਨੂੰ ਆ ਰਹੀਆਂ ਦਰਵੇਸ਼ ਮੁਸ਼ਕਲਾਂ ਸਬੰਧੀ ਮੰਗ ਪੱਤਰ ਦਿੱਤਾ ਜਿਸ ਵਿਚ ਪਿੰਡ ਤਾਰਾਗੜ੍ਹ ਦੇ ਛੱਪੜਾਂ ਦੀ ਨਿਸ਼ਾਨਦੇਹੀ ਅਤੇ ਸਾਫ ਸਫਾਈ ਕਰਾਉਣ ਸਬੰਧੀ ਪਹਿਲੀ ਮੰਗ ਅਤੇ ਪਿੰਡ ਵਿੱਚ ਰਹਿੰਦੇ ਬਜ਼ਾਰਾਂ ਨਾਲੀਆਂ ਨਾਲਿਆਂ ਨੂੰ ਪੱਕਾ ਕਰਨਾ, ਪਿੰਡ ਦੀ ਸਾਂਝੀ ਜਗ੍ਹਾ ਤੇ ਪਿੰਡ ਵਾਸੀਆਂ ਲਈ ਸੈਰ ਸਪਾਟੇ ਲਈ ਪਾਰਕ, ਪਿੰਡ ਤਾਰਾਗੜ੍ਹ ਵਿਚ ਲੰਮੇ ਸਮੇਂ ਸਾਲਾਂ ਤੋਂ ਡਾਕਖਾਨਾ ਸਰਕਾਰੀ ਜਗ੍ਹਾ ਵਿੱਚ ਨਾ ਹੋਣ ਕਾਰਨ ਡਾਕ ਵਿਭਾਗ ਨੂੰ ਅਤੇ ਪਿੰਡ ਵਾਸੀਆਂ ਨੂੰ ਆ ਰਹੀਆਂ ਮੁਸਕਲਾਂ ਦਾ ਹੱਲ ਕਰਨ ਲਈ ਪਿੰਡ ਦੀ ਸਾਂਝੀ ਜਗ੍ਹਾ ਤੇ ਡਾਕਖਾਨਾ ਬਣਾਉਣ ਸਬੰਧੀ , ਪਿੰਡ ਵਿੱਚ ਕਿਸਾਨਾਂ ਨੂੰ ਮਿਲ਼ਣ ਵਾਲੀ ਖਾਦ ਲਈ ਗੁਦਾਮ ਬਣਾਉਣ ਲਈ, ਪਿੰਡ ਤਾਰਾਗੜ੍ਹ ਦੇ ਬਜ਼ਾਰਾਂ ਵਿੱਚ ਅਤੇ ਵੈਰੋਵਾਲ ਰੋਡ ਤੋਂ ਲੈ ਕੇ ਪਿੰਡ ਤੱਕ ਸੋਲਰ ਲਾਈਟਾਂ ਲਗਾਉਣ ਸਬੰਧੀ, ਪਿੰਡ ਤਾਰਾਗੜ੍ਹ ਵਿਖੇ ਬਣੀ ਖੇਡ ਗਰਾਊਂਡ ਨੂੰ ਵੱਡਾ ਕਰਨ ਅਤੇ ਸਟੇਡੀਅਮ ਬਣਾਉਣ ਸਬੰਧੀ, ਅਤੇ ਪਿੰਡ ਤੋਂ ਗੁਰਦੁਆਰਾ ਬਾਬਾ ਫਰੀਦ ਸਾਹਿਬ ਜੀ ਤੱਕ ਜਾਂਦੀ ਸੜਕ ਅਤੇ ਰੋਹੀ ਦਾ ਪੁੱਲ ਬਣਾਉਣ ਸਬੰਧੀ ਮੰਗ ਪੱਤਰ ਦਿੱਤਾ ਗਿਆ ਅਤੇ ਇਨ੍ਹਾਂ ਮੰਗਾਂ ਨੂੰ ਪੂਰਾ ਕਰਨ ਲਈ ਪੰਜਾਬ ਦੇ ਮੁੱਖ ਮੰਤਰੀ ਸ੍ਰ ਭਗਵੰਤ ਸਿੰਘ ਮਾਨ ਅਤੇ ਸ੍ਰ ਹਰਭਜਨ ਸਿੰਘ ਈ ਟੀ ਓ ਨੂੰ ਪਿੰਡ ਵਾਸੀਆਂ ਅਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂਆਂ ਵੱਲੋਂ ਪੂਰਜੋਰ ਅਪੀਲ ਕੀਤੀ ਗਈ।





# ਸਰਬਜੋਤ ਧੰਜਲ ਨੇ ਡਾਇਰੈਕਟਰ ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ ਦਾ ਅਹੁਦਾ ਸੰਭਾਲਿਆ

ਚੌਕ ਮਹਿਤਾ 16 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ ) – ਅੱਜ ਪੰਜਾਬ ਸਰਕਾਰ ਵੱਲੋਂ ਨਿਯੁੱਕਤ ਕੀਤੇ ਗਏ ਸਰਬਜੋਤ ਸਿੰਘ ਧੰਜਲ ਡਾਇਰੈਕਟਰ ਪੰਜਾਬ ਜਲ ਸਪਲਾਈ ਅਤੇ ਸੀਵਰੇਜ ਬੋਰਡ ਪੰਜਾਬ ਨੇ ਰਣਜੀਤ ਐਵਿਨਿਉ ਦਫਤਰ ਵਿਖੇ ਅਪਣਾ ਅਹੁਦਾ ਸੰਭਾਲਿਆ ।ਇਸ ਮੌਕੇ ਵੱਡੀ ਸੰਖਿਆ ਵਿੱਚ ਆਮ ਆਦਮੀ ਪਾਰਟੀ ਦੇ ਅਹੁਦੇਦਾਰਾਂ ਅਤੇ ਵਲੰਟੀਅਰਾਂ ਨੇ ਪਹੁੰਚ ਕੇ ਧੰਜਲ ਨੂੰ ਕੁਰਸੀ ‘ਤੇ ਬਠਾਇਆ ਅਤੇ ਸਨਮਾਨਿਤ ਕੀਤਾ ।ਇਸ ਮੌਕੇ ਸਰਬਜੋਤ ਧੰਜਲ ਨੇ ਅਪਣੀ ਨਿਯੁੱਕਤੀ ਲਈ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਸਾਰੇ ‘ਆਪ’ ਵਰਕਰਾਂ ਨੂੰ ਨਾਲ ਲੈ ਕੇ ਚਲਣਗੇ ।ਇਸ ਮੌਕੇ ਵਿਧਾਇਕ ਡਾ.ਇੰਦਰਬੀਰ ਸਿੰਘ ਨਿੱਝਰ,ਵਿਧਾਇਕ ਜੀਵਨਜੋਤ ਕੌਰ,ਵਿਧਾਇਕ ਸਰਵਣ ਸਿੰਘ ਧੁੰਨ,ਵਿਧਾਇਕ ਕੁੰਵਰ ਵਿਜੇ ਪ੍ਰਤਾਪ ਸਿੰਘ,ਗੁਰਦੇਵ ਸਿੰਘ ਲਾਖਣਾ ਚੇਅਰਮੈਨ ਵੇਅਰ ਹਾਊਸ ਪੰਜਾਬ,ਰਣਜੀਤ ਸਿੰਘ ਚੀਮਾ ਚੇਅਰਮੈਨ ਵਾਟ ਰਿਸੋਰਸ ਪੰਜਾਬ,ਅੰਮ੍ਰਿਤਸਰ ਇੰਪਰੂਵਮੈਂਟ ਟਰੱਸਟ ਦੇ ਚੇਅਰਮੈਨ ਅਸ਼ੋਕ ਤਲਵਾਰ,ਜ਼ਿਲ੍ਹਾਂ ਯੋਜਨਾ ਬੋਰਡ ਦੇ ਚੇਅਰਮੈਨ ਜਸਪ੍ਰੀਤ ਸਿੰਘ,ਕੁਨਾਲ ਧਵਨ ਕੰਪੇਨ ਮੈਨੇਜਰ,ਲੋਕ ਸਭਾ ਇੰਚਾਰਜ ਇਕਬਾਲ ਸਿੰਘ ਭੁੱਲਰ,ਮੁਨੀਸ਼ ਅਗਰਵਾਲ ਪ੍ਰਧਾਨ ਸ਼ਹਿਰੀ,ਬਲਜਿੰਦਰ ਸਿੰਘ ਢਿਲੋਂ ਪ੍ਰਧਾਨ ਦੇਹਾਤੀ,ਹਰਪ੍ਰੀਤ ਸਿੰਘ ਆਹਲੂਵਾਲੀਆ ਮੈਂਬਰ ਲੇਬਰ ਵੈਲਫੇਅਰ ਬੋਰਡ ਅਤੇ ਪੰਜਾਬ ਟ੍ਰੇਡ ਵਿੰਗ ਦੇ ਸੰਯੁਕਤ ਸਕੱਤਰ,ਹਰਪ੍ਰੀਤ ਸਿੰਘ ਬੇਦੀ, ਮੁੱਖਵਿੰਦਰ ਸਿੰਘ ਵਿਰਦੀ,ਵਰੁਣ ਰਾਣਾ,ਕੇ.ਪੀ ਸਿੰਘ,ਅਸ਼ੋਕ ਭਾਟੀਆ, ਗੌਰਵ ਅਗਰਵਾਲ,ਡਾ.ਇੰਦਰਪਾਲ ਭੈੜਾ, ਸਾਬਕਾ ਐਸ.ਐਸ.ਪੀ ਸੁਖਦੇਵ ਸਿੰਘ,ਸੁੱਖਵਿੰਦਰ ਸਿੰਘ ਧੰਜਲ ਆਦਿ ਤੋਂ ਇਲਾਵਾ ਵੱਡੀ ਸੰਖਿਆ ਵਿੱਚ ਪਾਰਟੀ ਦੇ ਅਹੁਦੇਦਾਰ ਅਤੇ ਸਰਕਾਰ ਦੇ ਨੁਮਾਇੰਦੇ ਹਾਜ਼ਰ ਸਨ।



## ਗੁਰਦੁਆਰਾ ਪਾਤਸ਼ਾਹੀ ਦਸਵੀਂ ਭਾਈ ਫੱਤੂ ਸਮੂ ਦੀਆਂ ਟਾਹਲੀਆਂ ਵਿਖੇ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਮੁਖੀ ਦਮਦਮੀ ਟਕਸਾਲ 19 ਮਾਰਚ ਨੂੰ ਕਥਾ ਕਰਨਗੇ—ਭਾਈ ਸੁਖਦੇਵ ਸਿੰਘ ਖਾਲਸਾ

**ਫ਼ਿਰੋਜ਼ਪੁਰ, 16 ਮਾਰਚ (ਮਨੋਹਰ ਲਾਲ)** :— ਗੁਰਦੁਆਰਾ ਪਾਤਸ਼ਾਹੀ ਦਸਵੀਂ ਭਾਈ ਫੱਤੂ ਸਮੂ ਦੀਆਂ ਟਾਹਲੀਆਂ ਵਿਖੇ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਮੁਖੀ ਦਮਦਮੀ ਟਕਸਾਲ 19 ਮਾਰਚ ਨੂੰ ਕਥਾ ਕੀਰਤਨ ਕਰਨਗੇ। ਇਹ ਜਾਣਕਾਰੀ ਭਾਈ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਗੱਲਬਾਤ ਕਰਦਿਆਂ ਕਿਹਾ ਕਿ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਮੁਖੀ ਦਮਦਮੀ ਟਕਸਾਲ 19 ਮਾਰਚ ਨੂੰ 11 ਵਜੇ ਤੋਂ 12 ਵਜੇ ਤੱਕ ਗੁਰਦੁਆਰਾ ਪਾਤਸ਼ਾਹੀ ਦਸਵੀਂ ਭਾਈ ਫੱਤੂ ਸਮੂ ਦੀਆਂ ਟਾਹਲੀਆਂ ਵਿਖੇ ਕਥਾ ਕਰਨਗੇ ਅਤੇ 12:30 ਵਜੇ ਤੋਂ 1:30 ਵਜੇ ਤੱਕ ਪਿੰਡ ਝੋਕ ਮੋਹੜੇ ਗੁਰਦੁਆਰਾ ਸ੍ਰੀ ਗੁਰੂ ਨਾਨਕ ਸੰਗਤ ਸਾਹਿਬ (ਬਰਾਂਚ ਦਮਦਮੀ ਟਕਸਾਲ ਮਹਿਤਾ) ਵਿਖੇ ਮਹਾਂਪੁਰਖਾਂ ਦੀ ਮਿੱਠੀ ਯਾਦ ਵਿਚ ਸਲਾਨਾ ਮਹਾਨ ਗੁਰਮਤਿ ਸਮਾਗਮ ਵਿਖੇ ਆਪਣੀ ਹਾਜ਼ਰੀ ਭਰਨਗੇ। ਇਸ ਮੌਕੇ ਤੇ ਗਿਆਨੀ ਜੀਵਾ ਸਿੰਘ ਜੀ ਦਮਦਮੀ ਟਕਸਾਲ, ਰਾਗੀ ਨਿਰਭੈ ਸਿੰਘ ਹਜ਼ੂਰੀ ਰਾਗੀ ਤਖਤ ਸ੍ਰੀ ਦਮਦਮਾ ਸਾਹਿਬ, ਰਾਗੀ ਸੁਖਜੀਤ ਸਿੰਘ ਖਾਲਸਾ ਫ਼ਿਰੋਜ਼ਪੁਰ ਵਾਲੇ ਵੀ ਹਾਜ਼ਰੀ ਭਰਨਗੇ ਅਤੇ 20 ਮਾਰਚ ਨੂੰ ਅੰਮ੍ਰਿਤ ਸੰਚਾਰ ਕਰਵਾਇਆ ਜਾ ਰਿਹਾ ਹੈ। ਇਨ੍ਹਾਂ ਸਮਾਗਮਾਂ ਦੌਰਾਨ ਗੁਰੂ ਕਾ ਲੰਗਰ ਅਤੁੱਟ ਵਰਤਾਇਆ ਜਾਵੇਗਾ।



## ਪਿੰਡ ਨਥੇਹਾ ਦੇ ਗੁਰਪਾਲ ਸਿੰਘ ਰੰਧਾਵਾ ਥਾਣਾ ਮੁਖੀ ਦਾ ਅਹੁਦਾ ਸੰਭਾਲਣ ਤੇ ਪਿੰਡ ’ਚ ਖੁਸ਼ੀ ਮਨਾਈ

**ਤਲਵੰਡੀ ਸਾਬੋ, 16 ਮਾਰਚ (ਗੁਰਜੰਟ ਸਿੰਘ ਨਥੇਹਾ)**-ਅੱਜ ਜਿਵੇ ਹੀ ਪਿੰਡ ਨਥੇਹਾ ਦੇ ਜੰਮਪਲ ਗੁਰਪਾਲ ਸਿੰਘ ਰੰਧਾਵਾ ਐਸ.ਆਈ ਨੇ ਮਾਨਸਾ ਸਦਰ ਥਾਣੇ ਦੇ ਐਸ.ਐਚ.ਓ ਦਾ ਅਹੁਦਾ ਸੰਭਾਲਿਆ ਤਾਂ ਪਿੰਡ ਵਿੱਚ ਖੁਸੀ ਦੀ ਲਹਿਰ ਦੌੜ ਗਈ ਜਿਸਤੇ ਇਸੇ ਪਿੰਡ ਦੇ ਜੰਮਪਲ ਸਾਬਕਾ ਡੀ.ਆਈ.ਜੀ ਹਰਿੰਦਰ ਸਿੰਘ ਚਾਹਲ ਨੇ ਵਧਾਈ ਦਿੰਦਿਆਂ ਕਿਹਾ ਕਿ ਭਾਵੇ ਮੈ ਆਪਣੇ ਕਾਰਜਕਾਲ ਦੌਰਾਨ ਪਿੰਡ ਦੇ ਬਹੁਤ ਸਾਰੇ ਨੌਜਵਾਨਾਂ ਨੂੰ ਪੁਲਿਸ ਵਿੱਚ ਭਰਤੀ ਕੀਤਾ ਸੀ ਪਰ ਗੁਰਪਾਲ ਸਿੰਘ ਰੰਧਾਵਾ ਪਹਿਲੇ ਸਬ ਇੰਸਪੈਕਟਰ ਹਨ ਜਿੰਨਾਂ ਨੇ ਆਪਣੀ ਡਿਊਟੀ ਮਿਹਨਤ ਤੇ ਲਗਨ ਨਾਲ ਕਰਕੇ ਇੰਨੀ ਤਰੱਕੀ ਕਰਕੇ ਪਿੰਡ ਦਾ ਨਾਮ ਰੋਸ਼ਨ ਕੀਤਾ ਹੈ ਜਿਸ ’ਤੇ ਸਾਰੇ ਪਿੰਡ ਨੂੰ ਮਾਣ ਹੈ ਮੈਨੂੰ ਨਵੇ ਬਣੇ ਥਾਣਾ ਮੁਖੀ ਤੇ ਪੂਰਾ ਮਾਣ ਹੈ ਕਿ ਉਹ ਆਪਣੀ ਡਿਊਟੀ ਪੂਰੀ ਇਮਾਨਦਾਰੀ ਤੇ ਲਗਨ ਨਾਲ ਕਰਕੇ ਹੋਰ ਤਰੱਕੀ ਕਰਨਗੇ। ਓਧਰ ਪਿੰਡ ਦੇ ਸਰਪੰਚ ਜਗਸੀਰ ਸਿੰਘ, ਸਾਬਕਾ ਸਰਪੰਚ ਕੁਲਵੰਤ ਸਿੰਘ, ਥਾਣੇਦਾਰ ਪਰਮਜੀਤ ਸਿੰਘ ਨਥੇਹਾ, ਥਾਣੇਦਾਰ ਬਲਕਰਨ ਸਿੰਘ, ਥਾਣੇਦਾਰ ਸੁਖਮੰਦਰ ਸਿੰਘ, ਥਾਣੇਦਾਰ ਮੁਖਿੰਦਰ ਸਿੰਘ, ਥਾਣੇਦਾਰ ਸੁਖਪਾਲ ਸਿੰਘ, ਥਾਣੇਦਾਰ ਨਛੱਤਰ ਸਿੰਘ, ਥਾਣੇਦਾਰ ਗੁਰਚਰਨ ਸਿੰਘ, ਥਾਣੇਦਾਰ ਜਗਰਾਜ ਸਿੰਘ, ਹੌਲਦਾਰ ਮਨਪ੍ਰੀਤ ਸਿੰਘ, ਜਸਵੀਰ ਸਿੰਘ, ਥਾਣੇਦਾਰ ਜਗਸੀਰ ਸਿੰਘ ਪੀ.ਟੀ., ਥਾਣੇਦਾਰ ਜਗਸੀਰ ਸਿੰਘ ਸੀਰਾ, ਹੌਲਦਾਰ ਕੁਲਦੀਪ ਸਿੰਘ, ਥਾਣੇਦਾਰ ਅਮਨਦੀਪ ਸਿੰਘ ਪੀ.ਐਸ.ਓ., ਕੁਲਵਿੰਦਰ ਸ਼ਰਮਾ ਨਥੇਹਾ ਨੇ ਪਿੰਡ ਵਿੱਚੋਂ ਪਹਿਲਾ ਪੁਲਿਸ ਮੁਲਾਜਮ ਥਾਣਾ ਮੁਖੀ ਬਣਨ ’ਤੇ ਖੁਸ਼ੀ ਮਨਾਈ ਹੈ।



## ਸਿਹਤ ਮੰਤਰੀ ਬਲਬੀਰ ਸਿੰਘ ਵਲੋ ਸਬ ਇੰਸਪੈਕਟਰ ਦਲਜੀਤ ਸਿੰਘ ਸਨਮਾਨਿਤ



**ਚੌਕ ਮਹਿਤਾ, 16 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਕਰੋਨਾ ਯੋਧਾ ਐੱਸ.ਆਈ. ਦਲਜੀਤ ਸਿੰਘ ਪੰਜਾਬ ਪੁਲਿਸ ਪੰਜਾਬ ਸਰਕਾਰ ਵੱਲੋ ਚੰਡੀਗੜ੍ਹ ਵਿਖੇ ਬੁਲਾ ਕੇ ਸਿਹਤ ਮੰਤਰੀ ਸ੍ਰੀ ਬਲਬੀਰ ਸਿੰਘ ਜੀ ਨੇ ਸਨਮਾਨਿਤ ਕੀਤਾ ਅਤੇ ਉਹਨਾਂ ਦੀਆ ਪਿਛਲੇ ਕਿਤੇ ਹੋਏ ਚੰਗੇ ਕਾਰਜ ਅਤੇ ਜਿਸ ਤਰਾ ਕੇ ਉਹ ਟ੍ਰੈਫਿਕ ਐਜੂਕੇਸ਼ਨ ਸੈੱਲ ਦੇ ਇੰਚਾਰਜ ਹਨ ਅਤੇ ਉਹਨਾਂ ਵੱਲੋ ਰੋਜਾਨਾ ਜੋ ਖਾਸ ਕਰਕੇ ਲੋਕਾ ਨੂੰ ਅਵੇਅਰਨੈੱਸ ਸੈਮੀਨਾਰ ਲਗਾਉਣ ਵਿਚ ਅਤੇ ਮਹਿਕਮੇ ਵੱਲੋ ਵਧੀਆ ਕਾਰਗੁਜਾਰੀ ਵਾਸਤੇ ਪੰਜਾਬ ਸਰਕਾਰ ਨੇ ਉਹਨਾਂ ਨੂੰ ਸਪੈਸ਼ਲ ਸੱਦਾ ਦਿੱਤਾ ਅਤੇ ਉਹਨਾਂ ਨੂੰ ਚੰਡੀਗੜ ਹਿਆਤ ਹੋਟਲ ਵਿਖੇ ਸਨਮਾਨਿਤ ਕੀਤਾ ਗਿਆ ਯਾਦ ਰਹੇ ਕੇ ਦਲਜੀਤ ਸਿੰਘ ਉਹ ਕਰੋਨਾ ਯੋਧਾ ਹੈ ਜੋ ਕੇ ਕੋਰੋਨਾ ਕਾਲ ਵਿਚ ਆਮ ਲੋਕਾ ਦੇ ਘਰਾਂ ਵਿਚ ਰਾਸ਼ਨ ਪਹੁੰਚਾਇਆ ਗਿਆ ਅਤੇ ਲੋੜਵੰਦ ਵਿਅਕਤੀਆ ਦਾ ਇਲਾਜ ਕਰਵਾਇਆ, ਆਪ੍ਰੇਸ਼ਨ ਕਰਵਾਏ , ਧੀਆਂ ਦਾ ਵਿਆਹ ਕਰਵਾਇਆ ਅਤੇ ਬੱਚਿਆ ਦੀ ਪੜ੍ਹਾਈ ਲਿਖਾਈ ਵਿਚ ਅਹਿਮ ਯੋਗਤਾ ਨਿਭਾਈ ਇਹ ਉਹ ਦਲਜੀਤ ਸਿੰਘ ਸਬ ਇੰਸਪੈਕਟਰ ਜਿਨ੍ਹਾਂ ਨੂੰ ਕੇ ਲੋਕ ਕਾਪੀ ਪੈਨ ਵਾਲੇ ਅੰਕਲ ਦੇ ਨਾਮ ਨਾਲ ਜਾਂਦੇ ਹਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਇਸ ਵਾਰ ਅੰਮ੍ਰਿਤਸਰ ਵਿਚ 19.68 ਲੱਖ ਵੋਟਰ ਕਰਨਗੇ ਆਪਣੇ ਵੋਟ ਹੱਕ ਦੀ ਵਰਤੋਂ- ਡਿਪਟੀ ਕਮਿਸ਼ਨਰ

# 7 ਮਈ ਤੋਂ ਹੋਵੇਗੀ ਨਾਮਜ਼ਦਗੀਆਂ ਦੀ ਸ਼ੁਰੂਆਤ ਤੇ ਵੋਟਾਂ ਪੈਣਗੀਆਂ 1 ਜੂਨ ਨੂੰ




ਅੰਮ੍ਰਿਤਸਰ, 16 ਮਾਰਚ ( ਕੁਲਵੰਤ ਸਿੰਘ ਵਿਰਦੀ)-ਡਿਪਟੀ ਕਮਿਸ਼ਨਰ ਕਮ ਜਿਲ੍ਹਾ ਚੋਣ ਅਧਿਕਾਰੀ ਸ੍ਰੀ ਘਣਸ਼ਾਮ ਥੋਰੀ ਨੇ ਲੋਕ ਸਭਾ ਚੋਣਾਂ ਬਾਰੇ ਕੀਤੀ ਪ੍ਰੈਸ ਕਾਨਫਰੰਸ ਨੂੰ ਸੰਬੋਧਨ ਕਰਦੇ ਦੱਸਿਆ ਕਿ ਇਸ ਵਾਰ ਅੰਮ੍ਰਿਤਸਰ ਜਿਲ੍ਹੇ ਵਿਚ 1967466 ਵੋਟਰ ਆਪਣੇ ਵੋਟ ਹੱਕ ਦੀ ਵਰਤੋਂ ਕਰਨਗੇ। ਉਨਾਂ ਦੱਸਿਆ ਕਿ ਵੋਟਾਂ ਬਨਾਉਣ ਦਾ ਕੰਮ ਨਾਮਜ਼ਦਗੀਆਂ ਤੋਂ ਸੱਤ ਦਿਨ ਪਹਿਲਾਂ ਤੱਕ ਜਾਰੀ ਰਹੇਗਾ ਪਰ ਵੋਟ ਕੱਟਣ ਦਾ ਕੰਮ ਹੁਣ ਬੰਦ ਕਰ ਦਿੱਤਾ ਗਿਆ ਹੈ। ਉਨਾਂ ਦੱਸਿਆ ਕਿ ਪੰਜਾਬ ਵਿਚ ਵੋਟਾਂ ਆਖਰੀ ਗੇੜ ਵਿਚ ਹੋਣ ਕਾਰਨ ਵੋਟਾਂ ਲਈ ਨਾਮਜ਼ਦਗੀਆਂ ਭਰਨ ਦਾ ਕੰਮ 7 ਮਈ ਤੋਂ ਸ਼ੁਰੂ ਹੋਵੇਗਾ, ਜੋ ਕਿ 14 ਮਈ ਤੱਕ ਚੱਲੇਗਾ। 15 ਮਈ ਨੂੰ ਕਾਗਜ਼ਾਂ ਦੀ ਪੜਤਾਲ ਹੋਵੇਗੀ ਅਤੇ 17 ਤੱਕ ਕਾਗਜ਼ ਵਾਪਸ ਲਏ ਜਾ ਸਕਣਗੇ। ਵੋਟਾਂ 1 ਜੂਨ ਨੂੰ ਪੈਣਗੀਆਂ ਤੇ ਗਿਣਤੀ 4 ਜੂਨ ਨੂੰ ਹੋਵੇਗੀ। ਇਸ ਮੌਕੇ ਉਨਾਂ ਦੱਸਿਆ ਕਿ ਉਮੀਦਵਾਰ 95 ਲੱਖ ਰੁਪਏ ਤੱਕ ਖਰਚਾ ਕਰ ਸਕਣਗੇ ਅਤੇ ਨਾਮਜ਼ਦਗੀ ਫੀਸ ਜਨਰਲ ਲਈ 25 ਹਜ਼ਾਰ ਤੇ ਰਿਜ਼ਰਵ ਲਈ 12.5 ਹਜ਼ਾਰ ਰੁਪਏ ਹੋਵੇਗੀ। ਉਨਾਂ ਕਿਹਾ ਕਿ 85 ਤੋਂ ਵੱਧ ਉਮਰ ਅਤੇ ਦਿਵਆਂਗ ਵੀ ਘਰ ਬੈਠੇ ਆਪਣੀ ਵੋਟ ਦੀ ਵਰਤੋਂ ਕਰ ਸਕਣਗੇ, ਜਿੰਨਾ ਦੀ ਗਿਣਤੀ ਕ੍ਰਮਵਾਰ 18348 ਅਤੇ 16946 ਹੈ। ਇਸ ਤੋਂ ਇਲਾਵਾ ਜਿਲ੍ਹੇ ਵਿਚ 72 ਟਰਾਂਸਜੈਂਡਰ ਵੋਟਰ ਵੀ ਜਿਲ੍ਹੇ ਵਿਚ ਹਨ। ਉਨਾਂ ਦੱਸਿਆ ਕਿ ਜਿਲ੍ਹੇ ਵਿਚ 1122 ਥਾਵਾਂ ਉਤੇ 2126 ਬੂਥ ਬਣਾਏ ਗਏ ਹਨ। ਉਨਾਂ ਦੱਸਿਆ ਕਿ ਹਰੇਕ ਹਲਕੇ ਵਿਚ 10-10 ਮਾਡਰਨ ਬੂਥ ਵੀ ਬਣਾਏ ਜਾਣਗੇ ਅਤੇ ਹਰੇਕ ਬੂਥ ਉਤੇ ਲੋੜੀਦੀਆਂ ਸਹੂਲਤਾਂ ਦਿੱਤੀਆਂ ਜਾਣਗੀਆਂ। ਉਨਾਂ ਦੱਸਿਆ ਕਿ ਚੋਣ ਜਾਬਤਾ ਲਾਗੂ ਹੋਣ ਕਾਰਨ ਹਰੇਕ ਦਫਤਰ ਵਿਚੋਂ ਸਰਕਾਰੀ ਪ੍ਰਚਾਰ ਸਮਗਰੀ 24 ਘੰਟਿਆਂ ਅੰਦਰ ਹਟਾ ਦਿੱਤੀ ਜਾਵੇਗੀ ਅਤੇ ਵੱਖ-ਵੱਖ ਥਾਵਾਂ ਉਤੇ ਲੱਗੇ ਰਾਜਸੀ ਪਾਰਟੀਆਂ ਦੇ ਹੋਰਡਿੰਗ ਹਟਾਉਣ ਦਾ ਕੰਮ ਜੰਗੀ ਪੱਧਰ ਉਤੇ ਸ਼ੁਰੂ ਹੋ ਚੁੱਕਾ ਹੈ। ਇਸ ਤੋਂ ਇਲਾਵਾ ਪੁਲਿਸ ਵੱਲੋਂ ਲਾਇਸੈਂਸੀ ਹਥਿਆਰ ਵਾਪਸ ਲੈਣ ਦਾ ਕੰਮ ਵੀ ਸ਼ੁਰੂ ਕਰ ਦਿੱਤਾ ਗਿਆ ਹੈ। ਉਨਾਂ ਦੱਸਿਆ ਕਿ ਚੋਣ ਜਾਬਤਾ ਲਾਗੂ ਹੋਣ ਕਾਰਨ ਹਵਾਈ ਅੱਡੇ ਉਤੇ ਕੋਈ ਚਾਰਟਡ ਜਹਾਜ਼ ਜਾਂ ਹੈਲੀਕੈਪਟਰ ਉਤਰਦਾ ਹੈ ਤਾਂ ਉਸਦੀ ਤਲਾਸ਼ੀ ਲਈ ਜਾਵੇਗੀ। ਇਸ ਤੋਂ ਇਲਾਵਾ ਜਿਲ੍ਹੇ ਵਿਚ 99 ਫਲਾਇੰਗ ਟੀਮਾਂ 24 ਘੰਟੇ ਜਾਂਚ ਪੜਤਾਲ ਦਾ ਕੰਮ ਕਰਨਗੀਆਂ। ਉਨਾਂ ਦੱਸਿਆ ਕਿ ਵੋਟਾਂ ਲਈ ਸਾਡੇ ਕੋਲ ਸਟਾਫ ਦੀ ਕੋਈ ਘਾਟ ਨਹੀਂ ਹੈ ਅਤੇ ਅਸੀਂ ਲੋੜ ਅਨੁਸਾਰ ਟੀਮਾਂ ਦੀ ਤਾਇਨਾਤੀ ਕਰ ਰਹੇ ਹਾਂ। ਇਸ ਮੌਕੇ ਉਨਾਂ ਨਾਲ ਵਧੀਕ ਡਿਪਟੀ ਕਮਿਸ਼ਨਰ ਸ੍ਰੀਮਤੀ ਜੋਤੀ ਬਾਲਾ, ਵਧੀਕ ਡਿਪਟੀ ਕਮਿਸ਼ਨਰ ਸ੍ਰੀ ਨਿਕਾਸ ਕੁਮਾਰ ਅਤੇ ਚੋਣ ਤਹਿਸੀਲਦਾਰ ਇੰਦਰਜੀਤ ਸਿੰਘ ਵੀ ਹਾਜ਼ਰ ਸਨ।

### ਇੰਡੋ-ਪੈਸੀਫਿਕ 'ਚ ਢੁਕਵੀਂ ਕੁਨੈਕਟੀਵਿਟੀ ਨਾਲ ਅੰਮ੍ਰਿਤਸਰ ਦੀ ਆਰਥਿਕਤਾ 'ਚ ਉਛਾਲ਼ਾ ਆਵੇਗਾ : ਤਰਨਜੀਤ ਸਿੰਘ ਸੰਧੂ

# ਸਾਬਕਾ ਰਾਜਦੂਤ ਸੰਧੂ ਨੇ ਕੇਂਦਰੀ ਵਿੱਤ ਮੰਤਰੀ ਕੋਲ ਅੰਮ੍ਰਿਤਸਰ ਲਈ ਵਿਸ਼ੇਸ਼ ਆਰਥਿਕ ਪੈਕੇਜ ਦਾ ਮੁੱਦਾ ਉਠਾਇਆ



**ਅੰਮ੍ਰਿਤਸਰ / ਨਵੀਂ ਦਿਲੀ 16 ਮਾਰਚ (ਆਵਾਜ਼ਿ ਕੌਮ ਬਿਊਰੋ)**-ਸਾਬਕਾ ਰਾਜਦੂਤ ਸ. ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਇੰਡੋ-ਪੈਸੀਫਿਕ ਵਿਚ ਢੁਕਵੀਂ ਕੁਨੈਕਟੀਵਿਟੀ ਨਾਲ ਅੰਮ੍ਰਿਤਸਰ ਦੀ ਆਰਥਿਕਤਾ ਅਤੇ ਆਮਦਨ ਵਾਧੇ ਦੀ ਸੰਭਾਵਨਾ ਕਈ ਗੁਣਾ ਵਧ ਜਾਵੇਗੀ। ਉਨ੍ਹਾਂ ਕਿਹਾ ਕਿ ਖਾੜੀ ਦੇਸ਼ਾਂ ਯੂ.ਏ.ਈ. ਅਤੇ ਸਾਊਦੀ ਅਰਬ ਸਮੇਤ ਹੋਰ ਖੇਤਰਾਂ ਨਾਲ ਚੰਗੀ ਕੁਨੈਕਟੀਵਿਟੀ ਅੰਮ੍ਰਿਤਸਰ ਦੇ ਵਪਾਰ ਅਤੇ ਖੇਤੀ ਸੈਕਟਰ ਲਈ ਨਵੀਂਆਂ ਪੁਲਾਂਘਾਂ ਪੁੱਟਣ ਦਾ ਮੌਕਾ ਪ੍ਰਦਾਨ ਕਰੇਗਾ। ਸਰਦਾਰ ਸੰਧੂ ਨਵੀਂ ਦਿਲੀ ਵਿਖੇ 'ਇੰਡੀਆ ਐਂਡ ਇੰਡੋ-ਪੈਸੀਫਿਕ: ਖ਼ਤਰੇ ਅਤੇ ਮੌਕੇ' ਵਿਸ਼ੇ 'ਤੇ ਨਾਮਵਰ ਇੰਡੀਆ ਟੂਡੇ ਵੱਲੋਂ ਆਯੋਜਿਤ ਕਨਕਲੇਵ (ਸੰਮੇਲਨ) ਨੂੰ ਸੰਬੋਧਨ ਕਰ ਰਹੇ ਸਨ, ਨੇ "ਗਲੋਬਲ ਬਿਹਤਰੀ ਲਈ" ਹੈਲਥ ਕੇਅਰ, ਆਈ.ਟੀ., ਡਿਜੀਟਲ, ਊਰਜਾ, ਸਿੱਖਿਆ ਅਤੇ ਰੱਖਿਆ ਵਰਗੇ ਵਿਭਿੰਨ ਖੇਤਰਾਂ ਵਿੱਚ ਕਵਾਡ ਅਤੇ ਇੰਡੋ ਪੈਸੀਫਿਕ ਦੇ ਨਾਲ ਭਾਰਤ ਦੀ ਵਧੀ ਹੋਈ ਭਾਈਵਾਲੀ ਅਤੇ ਹੁਨਰਮੰਦ ਨੌਜਵਾਨਾਂ ਦੀ ਮਹੱਤਤਾ ਨੂੰ ਉਜਾਗਰ ਕੀਤਾ। ਉਨ੍ਹਾਂ ਕਿਹਾ ਕਿ ਸਰਹੱਦੀ ਖੇਤਰ ਅੰਮ੍ਰਿਤਸਰ 'ਚ ਖੇਤੀਬਾੜੀ, ਉਦਯੋਗ, ਵਣਜ, ਸਿਹਤ ਸੰਭਾਲ, ਸੈਰ-ਸਪਾਟਾ ਅਤੇ ਹੋਰ ਬਹੁਤ ਸਾਰੇ ਖੇਤਰਾਂ ਵਿੱਚ ਵਿਕਾਸ ਦੀਆਂ ਵਿਸ਼ਾਲ ਸੰਭਾਵਨਾਵਾਂ ਹਨ।

ਉਨ੍ਹਾਂ ਟੂਰਿਜ਼ਮ ਦੀ ਗਲ ਕਰਦਿਆਂ ਕਿਹਾ ਕਿ ਪੰਜਾਬ 'ਚ ਕੁੱਲ ਸੈਲਾਨੀਆਂ ਦੀ ਆਮਦ ਦਾ 70% ਤੋਂ ਵੱਧ ਦਾ ਹਿੱਸਾ ਅੰਮ੍ਰਿਤਸਰ ਦਾ ਹੈ। ਅੰਮ੍ਰਿਤਸਰ ਦੇ ਧਾਰਮਿਕ ਟੂਰਿਜ਼ਮ ਨੂੰ ਵਿਸਥਾਰ ਦੇ ਕੇ ਸੈਰ-ਸਪਾਟਾ ਉਦਯੋਗ ਵਜੋਂ ਵਿਕਸਤ ਕਰਨ ਅਤੇ ਪ੍ਰਾਹੁਣਚਾਰੀ ਨੂੰ ਪ੍ਰਫੁਲਿਤ ਕਰਨ ਤੋਂ ਇਲਾਵਾ ਸਿੱਖਿਆ, ਆਈ ਟੀ, ਕਿੱਤਾਕਾਰੀ, ਲੌਜਿਸਟਿਕਸ, ਫਾਰਮਾਸਿਊਟੀਕਲ ( ਦਵਾਈਆਂ) ਤੇ ਰਸਾਇਣਿਕ ਸੈਕਟਰ, ਕੱਪੜਾ ਅਤੇ ਲਿਬਾਸ ਸੈਕਟਰ ਅਤੇ ਖੇਤੀ ਨਾਲ ਸੰਬੰਧਿਤ ਰਾਈਸ ਮਿਲਿੰਗ, ਫਲ਼ ਅਤੇ ਸਬਜ਼ੀਆਂ ਦੀ ਪ੍ਰੋਸੈਸਿੰਗ ਸੈਕਟਰਾਂ ਦੇ ਵਾਧੇ ਦੀਆਂ ਇਥੇ ਅਸੀਮ ਸੰਭਾਵਨਾਵਾਂ ਹਨ। ਉਨ੍ਹਾਂ ਕਿਹਾ ਕਿ ਅੰਮ੍ਰਿਤਸਰ ਵਿੱਚ ਲਘੂ ਤੇ ਮੱਧਮ ਉਦਯੋਗ ਲਈ ਹੁਨਰਮੰਦਾਂ ਦੀ ਪੂਰਤੀ ਲਈ ਸਿੱਖਿਆ ਤੇ ਟ੍ਰੇਨਿੰਗ ਸੰਸਥਾਵਾਂ ਨੂੰ ਬੜ੍ਹਾਵਾ ਦੇਣ ਦੀ ਜ਼ਰੂਰਤ ਹੈ। ਉਨ੍ਹਾਂ ਔਰਤਾਂ ਦੀ ਸ਼ਮੂਲੀਅਤ ਵਾਲੇ ਲਘੂ ਉਦਯੋਗ ਜਾਂ ਕਾਰੋਬਾਰ ਸਥਾਪਤ ਕਰਨ ਅਤੇ ਚਲਾਉਣ ਲਈ ਜਾਗਰੂਕਤਾ ਅਤੇ ਹੈਂਡਹੋਲਡਿੰਗ ਸਹਾਇਤਾ ਦੀ ਵੀ ਗਲ ਕੀਤੀ। ਉਨ੍ਹਾਂ ਕਿਹਾ ਕਿ ਨਵੀਂ ਤਕਨੀਕ ਨੂੰ ਅਪਣਾਉਣਾ ਅਤੇ ਨਿਰਯਾਤ ਲਈ ਯੋਜਨਾਵਾਂ ਅਤੇ ਪ੍ਰਕਿਰਿਆ ਬਾਰੇ ਜਾਗਰੂਕਤਾ ਅਤੇ ਭਰੋਸੇਮੰਦ ਮਾਰਕੀਟਿੰਗ ਅਮ੍ਰਿਤਸ਼ਰ ਦੇ ਕਾਰੋਬਾਰ ਨੂੰ ਬੁਲੰਦੀਆਂ ਤਕ ਲਿਜਾਣ ਦਾ ਸਬੱਬ ਬਣੇਗਾ।

ਇਸ ਤੋਂ ਪਹਿਲਾਂ ਕੇਂਦਰੀ ਵਿੱਤ ਅਤੇ ਕਾਰਪੋਰੇਟ ਮਾਮਲਿਆਂ ਬਾਰੇ ਮੰਤਰੀ ਸ਼੍ਰੀਮਤੀ ਨਿਰਮਲਾ ਸੀਤਾਰਮਨ ਨਾਲ ਮੁਲਾਕਾਤ ਕਰਦਿਆਂ ਸਾਬਕਾ ਰਾਜਦੂਤ ਸ. ਤਰਨਜੀਤ ਸਿੰਘ ਸੰਧੂ ਨੇ ਗੁਰੂ ਨਗਰੀ ਅੰਮ੍ਰਿਤਸਰ ਦੇ ਵਿਕਾਸ ਅਤੇ ਬੁਨਿਆਦੀ ਸਹੂਲਤਾਂ ਪ੍ਰਦਾਨ ਕਰਨ ਦੇ ਵਿਸ਼ੇ 'ਤੇ ਚਰਚਾ ਕੀਤੀ ਅਤੇ ਅੰਮ੍ਰਿਤਸਰ ਦੇ ਵਿਕਾਸ ਲਈ ਵਿਸ਼ੇਸ਼ ਆਰਥਿਕ ਪੈਕੇਜ ਦੇਣ ਦਾ ਮੁੱਦਾ ਉਠਾਇਆ । ਉਨ੍ਹਾਂ ਵਿੱਤ ਮੰਤਰੀ ਨੂੰ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ 'ਚ ਸੂਖਮ, ਲਘੂ ਅਤੇ ਮੱਧਮ ਉਦਯੋਗ ਦੇ ਖੇਤਰ ਵਿਚ ਜ਼ਿਕਰਯੋਗ ਪਹਿਲ ਕਦਮੀਆਂ ਕੀਤੀਆਂ ਗਈਆਂ ਹਨ। ਕੇਂਦਰੀ ਸਕੀਮਾਂ ਬਾਰੇ ਜਾਗਰੂਕਤਾ ਅਤੇ ਸਹੂਲਤਾਂ ਆਮ ਲੋਕਾਂ ਤਕ ਪਹੁੰਚਣੀਆਂ ਚਾਹੀਦੀਆਂ ਹਨ।

# ਭਾਈ ਸੁਖਦੇਵ ਸਿੰਘ ਜੀ ਅੱਜ ਅੰਮ੍ਰਿਤ ਵੇਲੇ ਗੁਰਦੁਆਰਾ ਦੀਵਾਨ ਹਾਲ ਮੰਜੀ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਕਥਾ ਰਾਹੀ ਸੰਗਤਾਂ ਨੂੰ ਨਿਹਾਲ ਕਰਨਗੇ



**ਚੌਂਕ ਮਹਿਤਾ, 16 ਮਾਰਚ (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**- ਤਖਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਬਿਹਾਰ ਦੇ ਹਜੂਰੀ ਕਥਾਵਾਚਕ ਭਾਈ ਸੁਖਦੇਵ ਸਿੰਘ ਜੀ ਅੱਜ ਅੰਮ੍ਰਿਤ ਵੇਲੇ ਗੁਰਦੁਆਰਾ ਦੀਵਾਨ ਹਾਲ ਮੰਜੀ ਸਾਹਿਬ ਸ੍ਰੀ ਅੰਮ੍ਰਿਤਸਰ ਵਿਖੇ ਕਥਾ ਰਾਹੀ ਸੰਗਤਾਂ ਨੂੰ ਨਿਹਾਲ ਕਰਨਗੇ। ਇਸ ਤੋਂ ਉਪਰੰਤ ਸ਼ਾਮ ਨੂੰ ਨਗਰ ਵਾੜਾ ਸ਼ੇਰ ਸਿੰਘ ਜਿਲਾ ਤਰਨ ਤਾਰਨ ਵਿਖੇ ਪਹੁੰਚ ਰਹੇ ਹਨ। ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਬੋਲਦਿਆਂ ਦੱਸਿਆ ਕਿ ਜੋ ਤਖਤ ਸ਼੍ਰੀ ਪਟਨਾ ਸਾਹਿਬ ਦੇ ਹਜੂਰੀ ਕਥਾ ਵਾਚਕ ਭਾਈ ਸੁਖਦੇਵ ਸਿੰਘ ਜੀ ਨਗਰ ਵਾੜਾ ਸ਼ੇਰ ਸਿੰਘ ਵਿਖੇ ਪਹੁੰਚ ਰਹੇ ਹਨ ਅਤੇ ਸ਼ਾਮ ਨੂੰ 6 ਵਜੇ ਕਥਾ ਰਾਹੀਂ ਸੰਗਤਾਂ ਨੂੰ ਨਿਹਾਲ ਕਰਨਗੇ।

# ਹਿੰਦੂ-ਸਿੱਖ ਸ਼ਰਨਾਰਥੀਆਂ ਦਾ ਅਪਮਾਨ ਕੇਜਰੀਵਾਲ ਦੀ ਗੈਰ ਇਨਸਾਨੀਅਤ : ਪ੍ਰੋ. ਸਰਚਾਂਦ ਸਿੰਘ ਖਿਆਲਾ

### ਕੇਜਰੀਵਾਲ ਨੇ ਹੋਛੀ ਰਾਜਨੀਤੀ ਨਾਲ ਭਾਰਤ ਦੀ ਸੰਸਕ੍ਰਿਤੀ ਅਤੇ ਰਵਾਇਤਾਂ ਨੂੰ ਪੂਰੀ ਤਰਾਂ ਪਿੱਠ ਦਿਖਾਇਆ



**ਅੰਮ੍ਰਿਤਸਰ 16 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਭਾਜਪਾ ਦੇ ਬੁਲਾਰੇ ਅਤੇ ਸਿੱਖ ਚਿੰਤਕ ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਦਿਲੀ ਦੇ ਮੁੱਖ ਮੰਤਰੀ ਅਤੇ ਆਮ ਆਦਮੀ ਪਾਰਟੀ ਦੇ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਭਾਰਤ ਆਏ ਹਿੰਦੂ - ਸਿੱਖ ਸ਼ਰਨਾਰਥੀਆਂ ਬਾਰੇ ਭੱਦੀ ਸ਼ਬਦਾਵਲੀ ਦੀ ਵਰਤੋਂ ਕਰਕੇ ਨਾ ਕੇਵਲ ਉਨ੍ਹਾਂ ਦਾ ਅਪਮਾਨ ਕੀਤਾ ਹੈ ਸਗੋਂ ਇਹ ਦਸ ਦਿੱਤਾ ਹੈ ਕਿ ਉਸ ਵਿਚ ਇਨਸਾਨੀਅਤ ਦਾ ਖ਼ਾਤਮਾ ਹੋ ਚੁੱਕਿਆ ਹੈ। ਉਨ੍ਹਾਂ ਕਿਹਾ ਕਿ ਗੈਰ ਧਰਮ ਨਿਰਪੱਖ ਦੇਸ਼ਾਂ 'ਚ ਸਤਾਏ ਹੋਏ ਹਿੰਦੂ- ਸਿੱਖ ਸ਼ਰਨਾਰਥੀ ਗ਼ਰੀਬ ਅਤੇ ਲਾਚਾਰ ਤਾਂ ਹੋ ਸਕਦੇ ਹਨ, ਪਰ ਉਹ ਨਾ ਚੋਰ ਹਨ ਨਾ ਹੀ ਬਲਾਤਕਾਰੀ, ਸਗੋਂ ਗੈਰ ਇਮਾਨਦਾਰ ਲੋਕ ਉਹ ਹਨ ਜੋ ਸੱਤਾ ਦੀ ਦੁਰਵਰਤੋਂ ਕਰਕੇ ਸ਼ਰਾਬ ਘੁਟਾਲੇ 'ਚ ਕਾਨੂੰਨ ਦਾ ਸਾਹਮਣਾ ਕਰਨ ਤੋਂ ਭੱਜ ਰਹੇ ਹਨ। ਉਨ੍ਹਾਂ ਕਿਹਾ ਕਿ ਭਾਵੇਂ ਕਿ ਉਹ ਲੋਕ ਸ਼ਰਨਾਰਥੀ ਹਨ ਪਰ ਬੇਗਾਨੇ ਨਹੀਂ ਹਨ, ਉਨ੍ਹਾਂ ਦੀਆਂ ਜੜ੍ਹਾਂ ਭਾਰਤ ਨਾਲ ਜੁੜੀਆਂ ਹੋਈਆਂ ਹਨ। ਇਹ ਲੋਕ ਸਾਡੇ ਆਪਣੇ ਹਨ ਤੇ ਸਾਡੇ ਹੀ ਰਹਿਣਗੇ, ਉਨ੍ਹਾਂ ਨੂੰ ਚੰਗੇ ਮਾੜੇ ਦਿਨਾਂ 'ਚ ਕਲਿਆਂ ਮਰਨ ਲਈ ਕਿਵੇਂ ਛੱਡਿਆ ਜਾ ਸਕਦਾ ਹੈ? ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਗਵਾਈ 'ਚ ਭਾਰਤ ਨੇ ਨਾਗਰਿਕਤਾ ਤਰਮੀਮ ਕਾਨੂੰਨ ਲਾਗੂ ਕਰਨ 'ਚ ਸੰਜੀਦਗੀ ਦਿਖਾ ਕੇ ਇਨ੍ਹਾਂ ਆਪਣੇ ਲੋਕਾਂ ਪ੍ਰਤੀ ਵਚਨਬੱਧਤਾ ਦਾ ਪ੍ਰਮਾਣ ਦਿੱਤਾ ਹੈ। ਪ੍ਰੋ. ਸਰਚਾਂਦ ਸਿੰਘ ਨੇ ਕਿਹਾ ਕਿ ਕੇਜਰੀਵਾਲ ਵੱਲੋਂ ਬੌਖਲਾਹਟ 'ਚ ਕੀਤੀ ਗਈ ਗ਼ਲਤ ਬਿਆਨੀ ਅਤੇ ਹੋਛੀ ਰਾਜਨੀਤੀ ਨੇ ਇਹ ਵੀ ਦਸ ਦਿੱਤਾ ਹੈ ਕਿ ਉਹ ਭਾਰਤ ਦੀ ਸੰਸਕ੍ਰਿਤੀ ਅਤੇ ਰਵਾਇਤਾਂ ਨੂੰ ਪੂਰੀ ਤਰਾਂ ਪਿੱਠ ਦੇ ਚੁੱਕੇ ਹਨ। ਉਨ੍ਹਾਂ ਕਿਹਾ ਕਿ ਦੇਸ਼ ਦੀ ਸੁਰੱਖਿਆ ਨੂੰ ਖ਼ਤਰਾ ਸ਼ਰਨਾਰਥੀਆਂ ਤੋਂ ਨਹੀਂ ਲੇਕਿਨ ਭ੍ਰਿਸ਼ਟਾਚਾਰ ਕਰਨ ਵਾਲਿਆਂ ਤੋਂ ਹੈ। ਪ੍ਰੋ. ਸਰਚਾਂਦ ਸਿੰਘ ਖਿਆਲਾ ਨੇ ਕਿਹਾ ਕਿ ਕੀ ਕੇਜਰੀਵਾਲ ਨੂੰ ਇਹ ਨਹੀਂ ਪਤਾ ਕਿ ਪਾਕਿਸਤਾਨ ਅਤੇ ਅਫ਼ਗ਼ਾਨਿਸਤਾਨ 'ਚ ਸਮਾਜਿਕ, ਧਾਰਮਿਕ ਅਤੇ ਸਮੁੱਚਾ ਸਿਆਸੀ ਨਿਜ਼ਾਮ ਹਿੰਦੂ ਅਤੇ ਸਿੱਖਾਂ ਲਈ ਦਮਨਕਾਰੀ ਹੋ ਚੁਕਾ ਹੈ। ਅਫ਼ਗ਼ਾਨਿਸਤਾਨ 'ਚ ਤਾਂ ਹੁਣ ਗਿਣਤੀ ਦੇ ਹੀ ਸਿੱਖ ਰਹਿ ਗਏ ਹਨ। ਪਾਕਿਸਤਾਨ ਦੇ ਸੂਬਾ ਸਿੰਧ ਵਿਚ ਸਰਕਾਰੀ ਪੁਸ਼ਤ ਪਨਾਹੀ ਹਾਸਲ ਕੱਟੜਪੰਥੀਆਂ ਵੱਲੋਂ ਹਿੰਦੂ ਤੇ ਸਿੱਖਾਂ ਦੀਆਂ ਲੜਕੀਆਂ ਨੂੰ ਜਬਰੀ ਅਗਵਾ ਕਰਦਿਆਂ ਉਨ੍ਹਾਂ ਦਾ ਧਰਮ ਪਰਿਵਰਤਨ ਕਰਾਉਣ ਅਤੇ ਜਬਰੀ ਨਿਕਾਹ ਦੇ ਵਰਤਾਰੇ ਰੁਕਣ ਦਾ ਨਾਮ ਨਹੀਂ ਲੈ ਰਹੇ ਹਨ। ਜੇਕਰ ਇਹ ਸਿਲਸਿਲਾ ਇਸੇ ਰਫ਼ਤਾਰ ਨਾਲ ਚਲਦਾ ਰਿਹਾ ਤਾਂ ਇਕ ਦਿਨ ਪਾਕਿਸਤਾਨ ਵਿਚੋਂ ਵੀ ਹਿੰਦੂ ਅਤੇ ਸਿੱਖਾਂ ਦਾ ਵਜੂਦ ਖ਼ਤਮ ਹੋ ਜਾਵੇਗਾ। ਉਨ੍ਹਾਂ ਕਿਹਾ ਕਿ ਕਿ ਪਾਕਿਸਤਾਨ 'ਚ ਹਿੰਦੂ, ਸਿੱਖਾਂ ਅਤੇ ਹੋਰ ਘੱਟ ਗਿਣਤੀ ਧਰਮਾਂ ਦੇ ਲੋਕਾਂ ਨੂੰ ਨਫ਼ਰਤ ਲਈ ਨਿਸ਼ਾਨਾ ਬਣਾਏ ਜਾ ਰਹੇ ਹਨ। ਸੂਬਾ ਸਿੰਧ ਵਿਚ ਕਈ ਵਾਰ ਪੋਸਟਰ ਲਗਾਉਂਦਿਆਂ ਕੱਟੜਪੰਥੀਆਂ ਵੱਲੋਂ ਹਿੰਦੂ ਸਿੱਖਾਂ ਨੂੰ ਆਪਣਾ ਧਰਮ ਛੱਡਣ ਜਾਂ ਪਾਕਿਸਤਾਨ ਛੱਡ ਜਾਣ ਲਈ ਕਹਿ ਚੁੱਕੇ ਹਨ। ਸਿੱਖ ਤੇ ਹਿੰਦੂਆਂ ਨੂੰ ਡਰ ਦੇ ਮਾਹੌਲ 'ਚ ਰਹਿਣਾ ਪੈ ਰਿਹਾ ਹੈ। ਉਨ੍ਹਾਂ ਕਿਹਾ ਕਿ ਪਾਕਿਸਤਾਨ 'ਚ ਹਿੰਦੂ ਅਤੇ ਸਿੱਖਾਂ ਖ਼ਿਲਾਫ਼ ਅਪਰਾਧ ਵੱਧ ਰਹੇ ਹਨ ਅਤੇ ਹਿੰਦੂ ਕੁੜੀਆਂ ਨੂੰ ਜਬਰੀ ਇਸਲਾਮ ਕਬੂਲ ਕਰਾਉਣ 'ਚ ਕਾਫ਼ੀ ਤੇਜ਼ੀ ਆਈ ਹੈ। ਇੱਥੋਂ ਤਕ ਕਿ ਸਰਕਾਰੀ ਮਸ਼ੀਨਰੀ ਦਾ ਵੀ ਮੰਨਣਾ ਹੈ ਕਿ ਇਸਲਾਮ 'ਚ ਧਰਮ ਪਰਵਰਤਨ ਕਰਾਉਣਾ ਗੁਨਾਹ ਨਹੀਂ ਸਗੋਂ ਸਵਾਬ( ਪੁੰਨ) ਦਾ ਕੰਮ ਹੈ । ਉਨ੍ਹਾਂ ਕਿਹਾ ਕਿ ਹੁਣ 58 ਸੌ ਤੋਂ ਵੱਧ ਸਿੱਖ ਅਤੇ 25 ਹਜ਼ਾਰ ਤੋਂ ਵੱਧ ਹਿੰਦੂਆਂ, ਕੁਲ 31 ਹਜ਼ਾਰ ਸ਼ਰਨਾਰਥੀਆਂ ਨੂੰ ਤੁਰੰਤ ਹੀ ਭਾਰਤੀ ਨਾਗਰਿਕਤਾ ਮਿਲ ਜਾਵੇਗੀ। ਉਹ ਭਾਰਤੀ ਨਾਗਰਿਕਤਾ ਵਾਲੀਆਂ ਸਹੂਲਤਾਂ ਲੈਣ ਦੇ ਹੱਕਦਾਰ ਹੋ ਜਾਣਗੇ।

# ਲੋਕ ਸਭਾ ਚੋਣਾਂ ਦੀਆਂ ਤਾਰੀਖ਼ਾਂ ਦੇ ਐਲਾਨ ਤੋਂ ਬਾਅਦ ਬੋਲੇ ਮੋਦੀ, 'ਆ ਗਿਆ ਲੋਕਤੰਤਰ ਦਾ ਸਭ ਤੋਂ ਵੱਡਾ ਤਿਉਹਾਰ'

**ਨਵੀਂ ਦਿੱਲੀ, 16 ਮਾਰਚ (ਆਵਾਜ਼ਿ ਕੌਮ ਬਿਊਰੋ)**-ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਲੋਕ ਸਭਾ ਚੋਣਾਂ 2024 ਦੀਆਂ ਤਾਰੀਖ਼ਾਂ ਦਾ ਐਲਾਨ ਹੋਣ ਤੋਂ ਬਾਅਦ ਕਿਹਾ ਕਿ ਲੋਕਤੰਤਰ ਦਾ ਸਭ ਤੋਂ ਵੱਡਾ ਤਿਉਹਾਰ ਆ ਗਿਆ ਹੈ। ਚੋਣ ਕਮਿਸ਼ਨ ਨੇ 2024 ਦੀਆਂ ਲੋਕ ਸਭਾ ਚੋਣਾਂ ਦੀਆਂ ਤਾਰੀਖਾਂ ਦਾ ਐਲਾਨ ਕਰ ਦਿੱਤਾ ਹੈ। ਭਾਜਪਾ-ਐੱਨ.ਡੀ.ਏ. ਇਨ੍ਹਾਂ ਚੋਣਾਂ ਨੂੰ ਲੜਨ ਲਈ ਪੂਰੀ ਤਰ੍ਹਾਂ ਤਿਆਰ ਹੈ। ਚੰਗੇ ਸ਼ਾਸਨ ਅਤੇ ਲੋਕ ਸੇਵਾ ਦੇ ਆਪਣੇ ਟਰੈਕ ਰਿਕਾਰਡ ਦੇ ਆਧਾਰ 'ਤੇ ਅਸੀਂ ਲੋਕਾਂ ਵਿਚਕਾਰ ਜਾਵਾਂਗੇ। ਮੈਨੂੰ ਪੂਰਾ ਭਰੋਸਾ ਹੈ ਕਿ ਅਸੀਂ ਲਗਾਤਾਰ ਤੀਜੀ ਵਾਰ 140 ਕਰੋੜ ਪਰਿਵਾਰਕ ਮੈਂਬਰਾਂ ਅਤੇ 96 ਕਰੋੜ ਤੋਂ ਵੱਧ ਵੋਟਰਾਂ ਦਾ ਪੂਰਾ ਪਿਆਰ ਅਤੇ ਆਸ਼ੀਰਵਾਦ ਪ੍ਰਾਪਤ ਕਰਾਂਗੇ। ਜਦੋਂ ਅਸੀਂ 10 ਸਾਲ ਪਹਿਲਾਂ ਦੇਸ਼ ਦੀ ਵਾਗਡੋਰ ਸੰਭਾਲੀ ਸੀ, ਉਦੋਂ ਦੇਸ਼ ਅਤੇ ਇਸਦੇ ਨਾਗਰਿਕ 'ਇੰਡੀ' ਅਲਾਇੰਸ ਦੇ ਕੁਸ਼ਾਸਨ ਤੋਂ ਦੁਖੀ ਸਨ। ਘਪਲਿਆਂ ਅਤੇ ਨੀਤੀਗਤ ਅਧਰੰਗ ਤੋਂ ਕੋਈ ਵੀ ਖੇਤਰ ਅਛੂਤਾ ਨਹੀਂ ਰਿਹਾ। ਦੇਸ਼ ਨਿਰਾਸ਼ਾ ਦੇ ਆਲਮ 'ਚ ਸੀ ਅਤੇ ਦੁਨੀਆ ਨੇ ਵੀ ਭਾਰਤ 'ਤੇ ਭਰੋਸਾ ਕਰਨਾ ਛੱਡ ਦਿੱਤਾ ਸੀ। ਅਸੀਂ ਦੇਸ਼ ਨੂੰ ਉਸ ਸਥਿਤੀ ਤੋਂ ਬਾਹਰ ਕੱਢਿਆ ਅਤੇ ਅੱਜ ਭਾਰਤ ਤੇਜ਼ੀ ਨਾਲ ਤਰੱਕੀ ਕਰ ਰਿਹਾ ਹੈ। 140 ਕਰੋੜ ਦੇਸ਼ਵਾਸੀਆਂ ਦੀ ਸ਼ਕਤੀ ਅਤੇ ਸਮਰੱਥਾ ਨਾਲ ਸਾਡਾ ਦੇਸ਼ ਹਰ ਰੋਜ਼ ਵਿਕਾਸ ਦੇ ਨਵੇਂ ਰਿਕਾਰਡ ਬਣਾ ਰਿਹਾ ਹੈ। ਅੱਜ ਅਸੀਂ ਦੁਨੀਆ ਦੀ ਪੰਜਵੀਂ ਸਭ ਤੋਂ ਵੱਡੀ ਅਰਥਵਿਵਸਥਾ ਬਣ ਗਏ ਹਾਂ ਅਤੇ ਕਰੋੜਾਂ ਭਾਰਤੀ ਗਰੀਬੀ ਤੋਂ ਬਾਹਰ ਆ ਚੁੱਕੇ ਹਨ। ਸਾਡੀ ਸਰਕਾਰ ਦੀਆਂ ਯੋਜਨਾਵਾਂ ਦੇਸ਼ ਦੇ ਹਰ ਕੋਨੇ ਅਤੇ ਸਮਾਜ ਦੇ ਹਰ ਵਰਗ ਤੱਕ ਪਹੁੰਚੀਆਂ ਹਨ। ਅਸੀਂ 100 ਫੀਸਦੀ ਦੇਸ਼ ਵਾਸੀਆਂ ਤੱਕ ਪਹੁੰਚਣ ਲਈ ਕੰਮ ਕੀਤਾ ਹੈ ਅਤੇ ਨਤੀਜੇ ਸਾਡੇ ਸਾਹਮਣੇ ਹਨ। ਉਨ੍ਹਾਂ ਅੱਗੇ ਲਿਖਿਆ ਕਿ ਅੱਜ ਹਰ ਭਾਰਤੀ ਨੂੰ ਅਹਿਸਾਸ ਹੋ ਰਿਹਾ ਹੈ ਕਿ ਇੱਕ ਇਮਾਨਦਾਰ, ਦ੍ਰਿੜ ਇਰਾਦੇ ਵਾਲੀ ਅਤੇ ਮਜ਼ਬੂਤ ਇੱਛਾ ਸ਼ਕਤੀ ਵਾਲੀ ਸਰਕਾਰ ਕਿੰਨਾ ਕੁਝ ਕਰ ਸਕਦੀ ਹੈ। ਇਸ ਲਈ ਸਾਡੀ ਸਰਕਾਰ ਤੋਂ ਹਰ ਦੇਸ਼ ਵਾਸੀ ਦੀਆਂ ਉਮੀਦਾਂ ਵੀ ਵਧ ਗਈਆਂ ਹਨ। ਇਸੇ ਲਈ ਅੱਜ ਭਾਰਤ ਦੇ ਹਰ ਕੋਨੇ ਤੋਂ ਅਤੇ ਸਮਾਜ ਦੇ ਹਰ ਵਰਗ ਵਿੱਚੋਂ ਇੱਕ ਆਵਾਜ਼ ਸੁਣਾਈ ਦੇ ਰਹੀ ਹੈ - ਇਸ ਵਾਰ, 400 ਪਾਰ! ਅੱਜ ਵਿਰੋਧੀ ਧਿਰ ਕੋਲ ਨਾ ਤਾਂ ਕੋਈ ਮੁੱਦਾ ਹੈ ਅਤੇ ਨਾ ਹੀ ਕੋਈ ਦਿਸ਼ਾ। ਉਨ੍ਹਾਂ ਕੋਲ ਇੱਕ ਹੀ ਏਜੰਡਾ ਬਚਿਆ ਹੈ - ਸਾਨੂੰ ਗਾਲ੍ਹਾਂ ਕੱਢਣੀਆਂ ਅਤੇ ਵੋਟ ਬੈਂਕ ਦੀ ਰਾਜਨੀਤੀ ਕਰਨਾ। ਉਨ੍ਹਾਂ ਦੀ ਪਰਿਵਾਰਕ ਮਾਨਸਿਕਤਾ ਅਤੇ ਸਮਾਜ ਨੂੰ ਵੰਡਣ ਦੀਆਂ ਸਾਜ਼ਿਸ਼ਾਂ ਨੂੰ ਜਨਤਾ ਹੁਣ ਨਕਾਰ ਰਹੀ ਹੈ। ਭ੍ਰਿਸ਼ਟਾਚਾਰ ਦੇ ਆਪਣੇ ਟਰੈਕ ਰਿਕਾਰਡ ਕਾਰਨ ਉਹ ਲੋਕਾਂ ਨਾਲ ਅੱਖਾਂ ਮੀਚਣ ਤੋਂ ਅਸਮਰੱਥ ਹੈ। ਅਜਿਹੇ ਲੋਕਾਂ ਨੂੰ ਜਨਤਾ ਕਦੇ ਵੀ ਸਵੀਕਾਰ ਨਹੀਂ ਕਰੇਗੀ।